ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa
8194 828282

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ ਅਮਨਦੀਪ ਮਹਿਰਾ
ਸ਼ੁੱਕਰਵਾਰ 17 ਮਈ 2024

EDUCATING LITERATES
LALLY Infosys
Since 1997
Group of Institutions
ISO 9001-2015 Certified
Serving Society with Quality Education
STUDY ABROAD
LALLY BUILDING, BMC CHOWK
JALANDHAR 98889-00011

R.N.I.Punpun/29016/2008 * ਸਾਲ 15 * ਅੰਕ : 351 * ਮੁੱਲ ; 5.00 ਰੁਪਏ * ਕੁੱਲ ਪੇਜ 10 * ਦਫਤਰ : 0181-2211009 * : M 99155-94111

ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa | 8194 828282

## ਸੁਪਰੀਮ ਕੋਰਟ ਨੇ ਈਡੀ ਨੂੰ ਲਗਾਈ ਫਟਕਾਰ



ਦਿੱਲੀ, ਲੋਕ ਬਾਣੀ- ਸੁਪਰੀਮ ਕੋਰਟ ਨੇ ਅੱਜ ਕਿਹਾ ਕਿ ਵਿਸ਼ੇਸ਼ ਅਦਾਲਤ ਵੱਲੋਂ ਮਨੀ ਲਾਂਡਰਿੰਗ ਦੀ ਸ਼ਿਕਾਇਤ ਦਾ ਨੋਟਿਸ ਲੈਣ ਤੋਂ ਬਾਅਦ ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਮਨੀ ਲਾਂਡਰਿੰਗ ਰੋਕੂ ਕਾਨੂੰਨ (ਪੀਐੱਮਐਲਏ) ਦੀ ਧਾਰਾ 19 ਤਹਿਤ ਕਿਸੇ ਮੁਲਜ਼ਮ ਨੂੰ ਗ੍ਰਿਫ਼ਤਾਰ ਨਹੀਂ ਕਰ ਸਕਦਾ। ਜਸਟਿਸ ਅਭੈ ਐੱਸ. ਓਕਾ ਅਤੇ ਜਸਟਿਸ ਉਜਲ ਭੂਈਆਂ ਦੇ ਬੈਂਚ ਨੇ ਕਿਹਾ ਕਿ ਜਦੋਂ ਕੋਈ ਮੁਲਜ਼ਮ ਸੰਮਨ ਦੀ ਤਾਮੀਲ ਤਹਿਤ ਅਦਾਲਤ ਵਿਚ ਪੇਸ਼ ਹੁੰਦਾ ਹੈ ਤਾਂ ਏਜੰਸੀ ਨੂੰ ਉਸ ਦੀ ਹਿਰਾਸਤ ਲੈਣ ਲਈ ਸਬੰਧਤ ਅਦਾਲਤ ਵਿਚ ਅਰਜ਼ੀ ਦੇਣੀ ਪਵੇਗੀ। ਬੈਂਚ ਨੇ ਕਿਹਾ, 'ਜੇ ਮੁਲਜ਼ਮ ਅਦਾਲਤ ਵੱਲੋਂ ਜਾਰੀ ਸੰਮਨ ਤਹਿਤ ਵਿਸ਼ੇਸ਼ ਅਦਾਲਤ ਵਿੱਚ ਪੇਸ਼ ਹੁੰਦਾ ਹੈ ਤਾਂ ਇਹ ਨਹੀਂ ਮੰਨਿਆ ਜਾ ਸਕਦਾ ਹੈ ਕਿ ਉਹ ਹਿਰਾਸਤ ਵਿੱਚ ਹੈ।

## ਸਾਬਕਾ ਐਨਆਈਏ ਦੇ ਡੀਜੀ ਨੂੰ ਮਿਲੀ ਜ਼ੈੱਡ -ਪਲੱਸ ਸੁਰੱਖਿਆ

**ਲੁਧਿਆਣਾ, ਸੁਖਚੈਨ ਮਹਿਰਾ-** ਖਾਲਿਸਤਾਨ ਪੱਖੀ ਅਨਸਰਾਂ ਤੋਂ ਸੰਭਾਵੀ ਖ਼ਤਰੇ ਦੇ ਮੱਦੇਨਜ਼ਰ ਕੇਂਦਰ ਸਰਕਾਰ ਵੱਲੋਂ ਕੌਮੀ ਜਾਂਚ ਏਜੰਸੀ (ਐੱਨਆਈਏ) ਦੇ ਸਾਬਕਾ ਡਾਇਰੈਕਟਰ ਜਨਰਲ (ਡੀਜੀ) ਦਿਨਕਰ ਗੁਪਤਾ ਨੂੰ ਜ਼ੈੱਡ-ਪਲੱਸ ਸ਼੍ਰੇਣੀ ਦੀ ਵੀਆਈਪੀ ਸੁਰੱਖਿਆ ਛੱਤਰੀ ਮੁਹੱਈਆ ਕਰਵਾਈ ਗਈ ਹੈ। ਅਧਿਕਾਰਤ ਸੂਤਰਾਂ ਨੇ ਅੱਜ ਇਹ ਜਾਣਕਾਰੀ ਦਿੱਤੀ। ਪੰਜਾਬ ਪੁਲੀਸ ਦੇ ਸਾਬਕਾ ਡੀਜੀਪੀ ਦਿਨਕਰ ਗੁਪਤਾ ਅਪਰੈਲ ਮਹੀਨੇ ਸੇਵਾਮੁਕਤ ਹੋਏ ਸਨ। ਸੂਤਰਾਂ ਨੇ ਦੱਸਿਆ ਕਿ 1987 ਬੈਚ ਦੇ ਆਈਪੀਐੱਸ ਅਧਿਕਾਰੀ ਦੀ ਸੁਰੱਖਿਆ ਦਾ ਜ਼ਿੰਮਾ ਕੇਂਦਰੀ ਰਿਜ਼ਰਵ ਪੁਲੀਸ ਫੋਰਸ (ਸੀਆਰਪੀਐੱਫ) ਦੇ ਵੀਆਈਪੀ ਸਕਿਉਰਿਟੀ ਵਿੰਗ ਨੂੰ ਸੌਂਪਿਆ ਗਿਆ ਹੈ।

## ਚੋਣਾਂ ਦੇ ਦਿਨਾਂ ਚ ਕਾਰ ਚੋਂ ਮਿਲੀ ਪੰਜ ਲੱਖ ਤੋਂ ਜ਼ਿਆਦਾ ਦੀ ਰਕਮ

**ਜਲੰਧਰ, ਹਰਬੰਸ ਬਿੱਟੂ-** -ਅੱਜ ਜਲੰਧਰ ਦੇ ਸਕਾਈਲਾਰਕ ਚੌਕ ਨੇੜੇ ਚੈਕਿੰਗ ਦੌਰਾਨ ਇਕ ਕਾਰ ਨੂੰ ਰੋਕਿਆ ਗਿਆ। ਇਸ ਦੌਰਾਨ ਪੁਲਿਸ ਟੀਮ ਨੇ ਕਾਰ ਦੇ ਡਰਾਈਵਰ ਤੋਂ ਕੁੱਲ 5,58,400 ਰੁਪਏ ਦੀ ਨਕਦੀ ਬਰਾਮਦ ਕੀਤੀ। ਨਕਦੀ ਨੂੰ ਤੁਰੰਤ ਜ਼ਬਤ ਕਰ ਲਿਆ ਗਿਆ ਅਤੇ ਕਾਰ ਦਾ ਡਰਾਈਵਰ ਉਕਤ ਪੈਸਿਆਂ ਸੰਬੰਧੀ ਕੋਈ ਜਵਾਬ ਨਹੀਂ ਦੇ ਸਕਿਆ।

## ਪੰਜਾਬ 'ਚ ਗਰਮੀ ਦੀਆਂ ਛੁੱਟੀਆਂ ਇਕ ਤੋਂ 30 ਤੱਕ

**ਚੰਡੀਗੜ੍ਹ, ਵਿਨੋਦ ਸ਼ਰਮਾ** -ਪੰਜਾਬਾ ਵਿਚ ਆਪ ਸਰਕਾਰ ਨੂੰ ਗਰਮੀ ਇਕ ਤਰੀਕ ਤੋਂ ਸ਼ੁਰੂ ਹੋ ਲਗਦਾ ਇਸ ਲਈ ਗਰਮੀਆਂ ਦੇ ਮੱਦੇਨਜ਼ਰ ਪੰਜਾਬ 'ਚ 1 ਤੋਂ 30 ਜੂਨ ਤਕ ਛੁੱਟੀਆਂ ਦਾ ਐਲਾਨ ਕੀਤਾ ਗਿਆ ਹੈ। ਇਹ ਹੁਕਮ ਮਾਨਯੋਗ ਸਿੱਖਿਆ ਮੰਤਰੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੇ ਗਏ ਹਨ। ਪੰਜਾਬ ਦੇ ਸਮੂਹ ਸਰਕਾਰੀ, ਪ੍ਰਾਈਵੇਟ ਏਡਿਡ ਤੇ ਮਾਨਤਾ ਪ੍ਰਾਪਤ ਸਕੂਲਾਂ ਵਿਚ ਇਹ ਛੁੱਟੀਆਂ ਹੋਣਗੀਆਂ।

## ਪੰਜਾਬ ਚੋਂ ਇੱਕ ਗੈਂਗਸਟਰ ਕੀਤਾ ਗਿਆ ਕਾਬੂ

**ਅਮ੍ਰਿਤਸਰ, ਲੋਕ ਬਾਣੀ-** ਪੰਜਾਬ ਅੰਦਰ ਨਸ਼ਿਆਂ ਦੇ ਖਾਤਮੇ ਲਈ ਪੁਲਿਸ ਵਲੋਂ ਵਿੱਢੀ ਮੁਹਿੰਮ ਤਹਿਤ ਐਸ.ਐਸ.ਪੀ. ਅੰਮ੍ਰਿਤਸਰ ਦਿਹਾਤੀ ਸਤਿੰਦਰ ਸਿੰਘ ਦੀ ਅਗਵਾਈ ਵਾਲੀ ਹਰਿੰਦਰ ਸਿੰਘ ਗਿੱਲ ਐਸ.ਪੀ. ਡੀ. ਅੰਮ੍ਰਿਤਸਰ ਦਿਹਾਤੀ ਪੁਲਿਸ ਪਾਰਟੀ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਿਲ ਹੋਈ ਜਦੋਂ ਉਨ੍ਹਾਂ ਪਵਿੱਤਰ ਚੌੜਾ ਗੈਂਗ ਨਾਲ ਸੰਬੰਧ ਰੱਖਣ ਵਾਲੇ ਇਕ ਨਾਮੀ ਗੈਂਗਸਟਰ ਨੂੰ ਭਾਰੀ ਅਸਲੇ ਸਮੇਤ ਕਾਬੂ ਕੀਤਾ। ਗ੍ਰਿਫਤਾਰ ਕੀਤੇ ਗੈਂਗਸਟਰ ਦੀ ਪਛਾਣ ਜਗਰੂਪ ਉਰਫ ਵਿਕਰਮ ਸਿੰਘ ਜੂਪਾ ਵਜੋਂ ਹੋਈ।

## ਲੜਕੀ ਦੇ ਭਰਾ ਨੇ ਕੀਤਾ ਗਧਾਰ ਦੋਸਤ ਦਾ ਕਤਲ

ਹੁਸ਼ਿਆਰਪੁਰ , ਲੋਕ ਬਾਣੀ --ਹੁਸ਼ਿਆਰਪੁਰ ਵਿਚ ਵੱਡੀ ਵਾਰਦਾਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਸਰਕਾਰੀ ਕਾਲਜ ਚੌਂਕ 'ਤੇ ਬੀਤੀ ਦੇਰ ਸ਼ਾਮ ਸ਼ੋਅਰੂਮ ਵਿਚ ਦਾਖ਼ਲ ਹੋ ਕੇ ਨੌਜਵਾਨ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਹੁਣ ਪੁਲਸ ਨੂੰ ਕੇਸ ਵਿਚ ਸੀ. ਸੀ. ਟੀ. ਵੀ. ਫੁਟੇਜ਼ ਮਿਲੀਆਂ ਹਨ। ਇਸ ਵਿਚ ਦਿੱਸ ਰਿਹਾ ਹੈ ਕਿ ਦੋਸ਼ੀ ਨੇ ਸਿਰਫ਼ 22 ਸੈਕਿੰਡ ਵਿਚ 18 ਵਾਰ ਕਰਕੇ ਰਾਹੁਲ ਉਰਫ਼ ਬਾਬਾ ਦਾ ਕਤਲ ਕਰ ਦਿੱਤਾ। ਇਸ ਮਾਮਲੇ ਵਿਚ ਥਾਣਾ ਮਾਡਲ ਟਾਊਨ ਦੀ ਫੁਲਸ ਨੇ 5 ਲੋਕ ਹੈਰੀ ਵਾਸੀ ਬਲਬੀਰ ਕਾਲੋਨੀ, ਲਵਿਸ਼ ਵਾਸੀ ਘੰਟਾ ਘਰ, ਐਲਿਸ਼ ਵਾਸੀ ਕੱਚੇ ਕੁਆਰਟਰ, ਹਨੀ ਉਰਫ਼ ਬਿੱਲਾ ਵਾਸੀ ਘੰਟਾ ਘਰ ਅਤੇ ਗੁੱਲੀ ਵਾਸੀ ਮੁਹੱਲਾ ਕਮਾਲਪੁਰ 'ਤੇ ਧਾਰਾ 302, 452, 148, 149 ਆਈ.ਪੀ.ਸੀ. ਦੇ ਤਹਿਤ ਕੇਸ ਦਰਜ ਕੀਤਾ ਹੈ।

## ਦੇਸ਼ ਵਿਚ ਮੌਸਮ ਵਿਭਾਗ ਨੇ ਅਗਲੇ ਪੰਜ ਦਿਨ ਕਹਿਰ ਦੀ ਗਰਮੀ ਦਾ ਅਲਰਟ ਕੀਤਾ ਜਾਰੀ



ਦਿੱਲੀ, ਲੋਕ ਬਾਣੀ- ਭਾਰਤੀ ਮੌਸਮ ਵਿਗਿਆਨ ਵਿਭਾਗ ਨੇ ਅਗਲੇ ਪੰਜ ਦਿਨਾਂ ਦੌਰਾਨ ਉੱਤਰ-ਪੱਛਮੀ ਭਾਰਤ ਵਿੱਚ ਲੂ ਦੀ ਚਿਤਾਵਨੀ ਦਿੱਤੀ ਹੈ ਤੇ ਕਿਹਾ ਹੈ ਇਸ ਦਾ ਸਭ ਤੋਂ ਵੱਧ ਅਸਰ ਅਸਰ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਦਿੱਲੀ ਵਿੱਚ ਪੈਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਹਰਿਆਣਾ, ਪੰਜਾਬ, ਰਾਜਸਥਾਨ ਅਤੇ ਦਿੱਲੀ ਲਈ ਔਰੇਂਜ ਅਲਰਟ ਜਾਰੀ ਕੀਤਾ ਹੈ, ਜਿਸ ਵਿੱਚ ਬੱਚਿਆਂ, ਬਜ਼ੁਰਗਾਂ ਅਤੇ ਉਨ੍ਹਾਂ ਸਮੇਤ ਕਮਜ਼ੋਰ ਲੋਕਾਂ ਲਈ ਘਰੋਂ ਬਾਹਰ ਨਾ ਨਿਕਲਣ ਲਈ ਕਿਹਾ ਹੈ।

## ਸ਼ੇਰਪੁਰ ਤੋਂ ਪੱਤਰਕਾਰ ਦੀ ਨਿਯੁਕਤੀ



ਰੋਜ਼ਾਨਾ ਲੋਕ ਬਾਣੀ ਅਖਬਾਰ ਵਲੋ ਸੱਤਪਾਲ ਸਿੰਘ ਨੂੰ ਸ਼ੇਰਪੁਰ ਤੋਂ ਪੱਤਰਕਾਰ ਨਿਯੁਕਤ ਕੀਤਾ ਜਾਂਦਾ ਹੈ । ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ।
**ਮੋ:- 9872216574**

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਪੰਜਾਬ ਦੇ ਸਾਰੇ ਸਕੂਲਾਂ 'ਚ ਗਰਮੀ ਦੀਆਂ ਛੁੱਟੀਆਂ ਦਾ ਐਲਾਨ

ਚੰਡੀਗੜ੍ਹ- ਭਾਰਤ ਦੇ ਕਈ ਸੂਬੇ ਇਸ ਸਮੇਂ ਗਰਮੀ ਦੇ ਕਹਿਰ ਨਾਲ ਜੂਝ ਰਹੇ ਹਨ। ਕਈ ਸੂਬਿਆਂ ਨੇ ਪਹਿਲਾਂ ਹੀ ਛੁੱਟੀਆਂ ਦਾ ਐਲਾਨ ਕਰ ਦਿੱਤਾ ਹੈ। ਇਸ ਦੌਰਾਨ ਪੰਜਾਬ ਦੇ ਸਾਰੇ ਸਕੂਲਾਂ ਵਿਚ ਗਰਮੀ ਦੀਆਂ ਛੁੱਟੀਆਂ ਦਾ ਐਲਾਨ ਸਿੱਖਿਆ ਵਿਭਾਗ ਦੇ ਵਲੋਂ ਕਰ ਦਿੱਤਾ ਗਿਆ ਹੈ। ਵਿਭਾਗ ਦੁਆਰਾ ਜਾਰੀ ਕੀਤੇ ਗਏ ਹੁਕਮਾਂ ਮੁਤਾਬਿਕ, ਪੰਜਾਬ ਰਾਜ ਦੇ ਸਮੂਹ ਸਰਕਾਰੀ, ਪ੍ਰਾਈਵੇਟ, ਏਡਿਡ ਅਤੇ ਮਾਨਤਾ ਪ੍ਰਾਪਤ ਸਕੂਲਾਂ ਵਿਚ ਗਰਮੀ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਸਾਲ 2024 ਦੌਰਾਨ ਮਿਤੀ 1 ਜੂਨ 2024 ਤੋਂ 30 ਜੂਨ 2024 ਤੱਕ ਛੁੱਟੀਆਂ ਕੀਤੀਆਂ ਜਾਂਦੀਆਂ ਹਨ। ਦੱਸ ਦਈਏ ਕਿ, ਇਹ ਹੁਕਮ ਪੰਜਾਬ ਦੇ ਸਿੱਖਿਆ ਸਕੱਤਰ ਕਮਲ ਕਿਸ਼ੋਰ ਯਾਦਵ ਦੇ ਵਲੋਂ ਜਾਰੀ ਕੀਤੇ ਗਏ ਹਨ। ਦੂਜੇ ਪਾਸੇ, ਦਿੱਲੀ ਦੇ ਸਾਰੇ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਗਰਮੀਆਂ ਦੀਆਂ ਛੁੱਟੀਆਂ 2024 ਦਾ ਐਲਾਨ ਕਰ ਦਿੱਤਾ ਗਿਆ ਹੈ। ਇਨ੍ਹੀਂ ਦਿਨੀਂ ਦਿੱਲੀ ਐਨਸੀਆਰ ਸਮੇਤ ਉੱਤਰੀ ਭਾਰਤ ਦੇ ਜ਼ਿਆਦਾਤਰ ਰਾਜਾਂ ਵਿੱਚ ਗਰਮੀ ਦਾ ਕਹਿਰ ਦੇਖਣ ਨੂੰ ਮਿਲ ਰਹੀ ਹੈ।

# ਪੰਜਾਬ ਦੀਆਂ 13 Lok Sabha ਸੀਟਾਂ 'ਤੇ 355 ਉਮੀਦਵਾਰ ਲੜਨਗੇ ਚੋਣਾਂ, 111 ਉਮੀਦਵਾਰਾਂ ਦੀਆਂ ਨਾਮਜ਼ਦਗੀਆਂ ਰੱਦ

ਚੰਡੀਗੜ੍ਹ- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਹੈ ਕਿ ਲੋਕ ਸਭਾ ਚੋਣਾਂ-2024 ਲਈ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਤੋਂ ਬਾਅਦ 355 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ ਹਨ।

ਜ਼ਿਕਰਯੋਗ ਹੈ ਕਿ 13 ਲੋਕ ਸਭਾ ਸੀਟਾਂ ਲਈ 7 ਮਈ ਤੋਂ 14 ਮਈ ਤੱਕ ਸੂਬੇ ਵਿੱਚ ਕੁੱਲ 466 ਉਮੀਦਵਾਰਾਂ ਨੇ 598 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ।

ਇਸ ਸਬੰਧ ਜਾਣਕਾਰੀ ਦਿੰਦਿਆ ਸਿਬਿਨ ਸੀ ਨੇ ਦੱਸਿਆ ਕਿ ਗੁਰਦਾਸਪੁਰ ਤੋਂ 40 ਉਮੀਦਵਾਰਾਂ ਨੇ 60 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 29 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਅੰਮ੍ਰਿਤਸਰ ਤੋਂ 43 ਉਮੀਦਵਾਰਾਂ ਨੇ 53 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 33 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਖਡੂਰ ਸਾਹਿਬ ਤੋਂ 35 ਉਮੀਦਵਾਰਾਂ ਨੇ 43 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 30 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਜਲੰਧਰ ਤੋਂ 27 ਉਮੀਦਵਾਰਾਂ ਨੇ 35 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 20 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ ਹਨ।

ਹੁਸ਼ਿਆਰਪੁਰ ਤੋਂ 23 ਉਮੀਦਵਾਰਾਂ ਨੇ 27 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 19 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ




ਹਨ।

ਆਨੰਦਪੁਰ ਸਾਹਿਬ ਤੋਂ 41 ਉਮੀਦਵਾਰਾਂ ਨੇ 56 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 29 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਲੁਧਿਆਣਾ ਤੋਂ 57 ਉਮੀਦਵਾਰਾਂ ਨੇ 70 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 44 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਫਤਿਹਗੜ੍ਹ ਸਾਹਿਬ ਤੋਂ 23 ਉਮੀਦਵਾਰਾਂ ਨੇ 33 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 15 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਹੋਏ ਹਨ।

ਫਰੀਦਕੋਟ ਤੋਂ 34 ਉਮੀਦਵਾਰਾਂ ਨੇ 41 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 30 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਫਿਰੋਜ਼ਪੁਰ ਤੋਂ 41 ਉਮੀਦਵਾਰਾਂ ਨੇ 48 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 33 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਬਠਿੰਡਾ ਤੋਂ 30 ਉਮੀਦਵਾਰਾਂ ਨੇ 40 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 20 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਸੰਗਰੂਰ ਤੋਂ 38 ਉਮੀਦਵਾਰਾਂ ਨੇ 43 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 26 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਪਟਿਆਲਾ ਤੋਂ 34 ਉਮੀਦਵਾਰਾਂ ਨੇ 49 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ, ਜਿਨ੍ਹਾਂ ਵਿੱਚੋਂ 27 ਉਮੀਦਵਾਰਾਂ ਦੇ ਪੱਤਰ ਮਨਜ਼ੂਰ ਕੀਤੇ ਗਏ ਹਨ।

ਗੁਰਦਾਸਪੁਰ ਲਈ ਪ੍ਰਾਪਤ ਹੋਏ 60 ਨਾਮਜ਼ਦਗੀ ਪੱਤਰਾਂ 'ਚੋਂ 45 ਨਾਮਜ਼ਦਗੀ ਪੇਪਰ ਮਨਜ਼ੂਰ ਕੀਤੇ ਗਏ ਹਨ ਅਤੇ ਪੜਤਾਲ ਦੌਰਾਨ 15 ਨਾਮਜ਼ਦਗੀ ਪੱਤਰ ਰੱਦ ਹੋਏ ਹਨ।

ਸਿਬਿਨ ਸੀ ਨੇ ਦੱਸਿਆ ਕਿ 17 ਮਈ ਤੱਕ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਣਗੇ ਅਤੇ ਉਸ ਤੋਂ ਬਾਅਦ ਸਥਿਤੀ ਸਪੱਸ਼ਟ ਹੋ ਜਾਵੇਗੀ ਕਿ 13 ਲੋਕ ਸਭਾ ਸੀਟਾਂ ਲਈ ਕਿੰਨੇ ਉਮੀਦਵਾਰ ਚੋਣ ਮੈਦਾਨ ਵਿੱਚ ਹਨ।

# ਵੋਟਾਂ ਮੰਗਣ ਗਏ ਆਪ ਆਗੂ ਨੂੰ ਬੀਬੀਆਂ ਨੇ ਘੇਰਾ, ਪੁਲਿਸ ਵਾਲਿਆਂ ਨੇ ਕੀਤੀ ਧੱਕਾ-ਮੁੱਕੀ

ਪੰਜਾਬ: ਪੰਜਾਬ ਵਿੱਚ 1 ਜੂਨ ਨੂੰ ਲੋਕ ਸਭਾ ਚੋਣਾਂ ਲਈ ਵੋਟਾਂ ਪੈਣੀਆਂ ਹਨ, ਜਿਸ ਲਈ ਸਾਰੀਆਂ ਸਿਆਸੀ ਪਾਰਟੀਆਂ ਚੋਣ ਪ੍ਰਚਾਰ ਵਿੱਚ ਜੁਟੀਆਂ ਹੋਈਆਂ ਹਨ। ਇਸ ਸਬੰਧ ਵਿੱਚ 'ਆਪ' ਪਾਰਟੀ ਦੇ ਆਗੂ ਪੰਜਾਬ ਦੇ ਇੱਕ ਪਿੰਡ ਵਿੱਚ ਗਏ ਪਰ ਇਸ ਦੌਰਾਨ ਹੰਗਾਮਾ ਹੋ ਗਿਆ।



ਚੋਣ ਪ੍ਰਚਾਰ ਲਈ ਗਈ 'ਆਪ' ਪਾਰਟੀ ਨੂੰ ਪਤਨੀਆਂ ਨੇ ਘੇਰ ਲਿਆ, ਜਿਸ ਤੋਂ ਬਾਅਦ ਪੁਲਿਸ ਨੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ, ਉਸਨੇ ਦੋਸ਼ ਲਾਇਆ ਕਿ ਪੁਲਿਸ ਨੇ ਉਸ ਨਾਲ ਛੇੜਛਾੜ ਕੀਤੀ ਹੈ।

ਇਸ ਦੌਰਾਨ ਪਿੰਡ ਦੇ ਇੱਕ ਵਿਅਕਤੀ ਨੇ ਸਰਕਾਰ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਸਰਕਾਰ ਵੋਟਾਂ ਮੰਗਣ ਆਉਂਦੀ ਹੈ ਪਰ ਨਾ ਤਾਂ ਨਸ਼ੇ ਦੀ ਸਮੱਸਿਆ ਤੇ ਨਾ ਹੀ ਹੋਰ ਮਸਲੇ ਹੱਲ ਹੋਏ ਹਨ। ਪਿੰਡ ਵਿੱਚ ਗੁਰੂ ਸਾਹਿਬ ਦੀ ਬੇਅਦਬੀ ਕਰਨ ਵਾਲੇ ਅਜੇ ਤੱਕ ਫੜੇ ਨਹੀਂ ਗਏ।

# ਪੰਜਾਬ 'ਚ ਨਵ-ਵਿਆਹੁਤਾ ਵਲੋਂ ਖੁਦਕੁਸ਼ੀ



ਬਰਨਾਲਾ- ਪੰਜਾਬ ਦੇ ਅੰਦਰ ਲਗਾਤਾਰ ਖੁਦਕੁਸ਼ੀਆਂ ਦੇ ਮਾਮਲੇ ਵਧਦੇ ਜਾ ਰਹੇ ਹਨ। ਤਾਜਾ ਮਾਮਲਾ ਬਰਨਾਲਾ ਦੇ ਹੰਡਿਆਇਆ ਤੋਂ ਸਾਹਮਣੇ ਆਇਆ ਹੈ, ਜਿਥੋਂ ਦੀ ਇੱਕ ਵਿਆਹੁਤਾ ਦੇ ਵਲੋਂ ਘਰੇਲੂ ਕਲੇਸ਼ ਦੇ ਚੱਲਦਿਆਂ ਖੁਦਕੁਸ਼ੀ ਕਰ ਲਈ ਗਈ। ਮ੍ਰਿਤਕਾ ਦੀ ਪਛਾਣ ਸੁਰਜੀਤ ਕੌਰ ਪਤਨੀ ਚਮਕੌਰ ਸਿੰਘ ਵਾਸੀ ਹੰਡਿਆਇਆ ਵਜੋਂ ਹੋਈ ਹੈ।

ਮੀਡੀਆ ਰਿਪੋਰਟਾਂ ਦੀ ਮੰਨੀਏ ਤਾਂ, 28 ਸਾਲ ਦੀ ਮ੍ਰਿਤਕਾ ਸੁਰਜੀਤ ਕੌਰ ਉਰਫ਼ ਸੀਤੋ ਜੋ ਜ਼ਿਲ੍ਹਾ ਬਠਿੰਡਾ ਦੇ ਪਿੰਡ ਦਿਆਲਪੁਰਾ ਭਾਈਕਾ ਦੀ ਰਹਿਣ ਵਾਲੀ ਸੀ ਤੇ ਉਸ ਦਾ ਵਿਆਹ ਜ਼ਿਲ੍ਹਾ ਬਰਨਾਲਾ ਦੇ ਹੰਡਿਆਇਆ ਦੇ ਰਹਿਣ ਵਾਲੇ ਚਮਕੌਰ ਸਿੰਘ ਪੁੱਤਰ ਮਹਿੰਦਰ ਸਿੰਘ ਨਾਲ ਢਾਈ ਸਾਲ ਪਹਿਲਾਂ ਹੋਇਆ ਸੀ।

ਵਿਆਹ ਤੋਂ ਬਾਅਦ ਉਨ੍ਹਾਂ ਦੇ ਘਰ ਇਕ ਬੱਚੀ ਨੇ ਵੀ ਜਨਮ ਲਿਆ ਸੀ। ਮ੍ਰਿਤਕ ਸੁਰਜੀਤ ਕੌਰ ਦਾ ਪਤੀ ਚਮਕੌਰ ਸਿੰਘ ਉਸ ਨਾਲ ਹਮੇਸ਼ਾ ਕੁੱਟਮਾਰ ਅਤੇ ਘਰ ਵਿੱਚ ਕਲੇਸ਼ ਕਰਦਾ ਰਹਿੰਦਾ ਸੀ।

ਜਿਸ ਨੂੰ ਲੈ ਕੇ ਕਈ ਵਾਰ ਮ੍ਰਿਤਕਾ ਦੇ ਪਰਿਵਾਰਿਕ ਮੈਂਬਰਾਂ ਵੱਲੋਂ ਪਿੰਡ ਪੰਚਾਇਤਾਂ ਅਤੇ ਪੁਲਸ ਨੂੰ ਵੀ ਇਸ ਬਾਰੇ ਜਾਣਕਾਰੀ ਦਿੱਤੀ ਗਈ, ਪਰ ਦੁਬਾਰਾ ਫਿਰ ਲੜਾਈ ਝਗੜਾ ਨਾ ਕਰਨ ਦਾ ਭਰੋਸਾ ਦੇ ਕੇ ਉਸ ਨੂੰ ਆਪਣੇ ਨਾਲ ਘਰ ਲੈ ਆਉਂਦਾ।

ਮ੍ਰਿਤਕਾ ਸੁਰਜੀਤ ਕੌਰ ਆਪਣੀ ਛੋਟੀ ਬੱਚੀ ਦੇ ਭਵਿੱਖ ਨੂੰ ਦੇਖਦੇ ਹੋਏ ਆਪਣੇ ਪਤੀ ਚਮਕੌਰ ਸਿੰਘ ਨਾਲ ਹੰਡਿਆਇਆ ਵਿਖੇ ਰਹਿਣ ਲੱਗ ਗਏ ਸੀ।

ਪਰ ਦੁਬਾਰਾ ਫਿਰ ਉਸਦਾ ਪਤੀ ਚਮਕੌਰ ਸਿੰਘ ਉਸ ਨਾਲ ਕੁੱਟਮਾਰ ਕਰਦਾ ਰਹਿੰਦਾ ਅਤੇ ਉਸ ਨੂੰ ਤੰਗ ਪਰੇਸ਼ਾਨ ਕਰਦਾ ਰਹਿੰਦਾ ਸੀ, ਜਿਸ ਕਰ ਕੇ ਸੁਰਜੀਤ ਕੌਰ ਨੇ ਆਪਣੇ ਪਤੀ ਤੋਂ ਪਰੇਸ਼ਾਨ ਹੋ ਕੇ ਜ਼ਹਿਰੀਲੀ ਵਸਤੂ ਨਿਗਲ ਲਈ ਗਈ, ਜਿਸ ਕਾਰਨ ਉਸਦੀ ਮੌਤ ਹੋ ਗਈ।

# ਸਮਰਾਲਾ ਰੈਲੀ 'ਚ ਮਾਛੀਵਾੜਾ ਸਾਹਿਬ ਤੋਂ ਪੈਨਸ਼ਨਰਜ਼ ਵੱਡੀ ਗਿਣਤੀ ਵਿਚ ਹੋਣਗੇ ਸ਼ਾਮਲ




**ਮਾਛੀਵਾੜਾ ਸਾਹਿਬ, 16 ਮਈ (ਦੀਪਕ ਕੁਮਾਰ)** - ਪੰਜਾਬ ਰਾਜ ਪੈਨਸ਼ਨਰਜ਼ ਮਹਾਂ ਸੰਘ ਇਕਾਈ ਮਾਛੀਵਾੜਾ ਸਾਹਿਬ ਦੀ ਇੱਕ ਮੀਟਿੰਗ ਰਾਮ ਸਿੰਘ ਕਾਲੜਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਸਕੱਤਰ ਤਰਲੋਚਨ ਸਿੰਘ ਨੇ ਏਜੰਡਾ ਪੇਸ਼ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਹਿੰਦਰ ਸਿੰਘ, ਗੁਰਮੀਤ ਸਿੰਘ, ਬਖ਼ਸ਼ੀ ਰਾਮ, ਰਣਜੀਤ ਸਿੰਘ, ਕੁਲਵੰਤ ਸਿੰਘ, ਧਰਮ ਪਾਲ ਅਤੇ ਜਗਜੀਤ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨਾ ਮੰਨਣ ਬਾਰੇ ਜੰਮ ਕੇ ਅਲੋਚਨਾ ਕੀਤੀ ਅਤੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਜੇਕਰ ਸਰਕਾਰ ਨੇ ਸਾਡੀਆਂ ਜਾਇਜ਼ ਮੰਗਾਂ 1-1-2016 ਤੋਂ 30-6-2021 ਤੱਕ ਵਧੀ ਪੈਨਸ਼ਨ ਦਾ ਬਕਾਇਆ, ਮੈਡੀਕਲ ਭੱਤਾ 3000 ਰੁਪਏ, 2.59 ਦੇ ਗੁਣਾਂਕ ਨਾਲ ਪੈਨਸ਼ਨ ਸੋਧਨਾ, ਕੈਸ਼ਲੈੱਸ ਬੀਮਾ ਸਕੀਮ ਲਾਗੂ ਨਾ ਕੀਤੀ ਤਾਂ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿਚ ਪੈਨਸ਼ਨਰ ਸਰਕਾਰ ਨੂੰ ਸਬਕ ਸਿਖਾਉਣਗੇ। ਸਕੱਤਰ ਤਰਲੋਚਨ ਸਿੰਘ ਅਤੇ ਪ੍ਰਧਾਨ ਰਾਮ ਸਿੰਘ ਕਾਲੜਾ ਨੇ ਪ੍ਰੈੱਸ ਨੂੰ ਜਾਰੀ ਕੀਤੇ ਬਿਆਨ ਵਿਚ ਕਿਹਾ ਕਿ 22 ਮਈ ਨੂੰ ਸਮਰਾਲਾ ਵਿਖੇ ਪੈਨਸ਼ਨਰਾਂ ਅਤੇ ਹੋਰ ਭਰਾਤਰੀ ਜਥੇਬੰਦੀਆਂ ਵੱਲੋਂ ਹੋ ਰਹੀ ਸਾਂਝੀ ਰੈਲੀ ਵਿਚ ਮਾਛੀਵਾੜਾ ਸਾਹਿਬ ਤੋਂ ਵੱਡੀ ਗਿਣਤੀ 'ਚ ਪੈਨਸ਼ਨਰ ਸ਼ਾਮਲ ਹੋਣਗੇ। ਇਸ ਮੌਕੇ ਗੁਰਦਿਆਲ ਸਿੰਘ, ਹਰੀ ਸਿੰਘ, ਹਰੀ ਰਾਮ, ਹਰਜਿੰਦਰ ਸਿੰਘ, ਗੁਰਮੀਤ ਸਿੰਘ ਮਾਜਰਾ, ਸੁਰਜੀਤ ਸਿੰਘ ਅਤੇ ਹੋਰ ਪੈਨਸ਼ਨਰ ਸਾਥੀ ਸ਼ਾਮਲ ਸਨ।

# ਚੰਡੀਗੜ੍ਹ ਯੋਗ ਸਭਾ ਦਾ ਤਿੰਨ ਰੋਜ਼ਾ ਯੋਗ ਕੈਂਪ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਵਿੱਚ ਸ਼ੁਰੂ ਹੋਇਆ






ਅਮੂਲਯਾ, ਚੰਡੀਗੜ੍ਹ। ਚੰਡੀਗੜ੍ਹ ਯੋਗ ਸਭਾ ਸੈਕਟਰ 30ਏ ਚੰਡੀਗੜ੍ਹ ਵੱਲੋਂ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮ.ਡੀ.ਏ.ਵੀ ਭਵਨ, ਦਰੀਆ, ਚੰਡੀਗੜ੍ਹ ਵਿਖੇ ਤਿੰਨ ਰੋਜ਼ਾ ਯੋਗਾ ਕੈਂਪ ਲਗਾਇਆ ਗਿਆ। ਪ੍ਰੈਸੀਡੈਂਟ ਸੁਰੇਸ਼ ਸ਼ਰਮਾ ਅਤੇ ਜਨਰਲ ਸਕੱਤਰ ਨਰੇਸ਼ ਕੁਮਾਰ ਦੀ ਰਹਿਨੁਮਾਈ ਹੇਠ ਯੋਗਾਚਾਰੀਆ ਭੂਪੇਂਦਰ ਨੇਗੀ ਅਤੇ ਉਨ੍ਹਾਂ ਦੀ ਟੀਮ ਦੀ ਅਗਵਾਈ ਹੇਠ ਵਿਸ਼ੇਸ਼ ਤੌਰ 'ਤੇ ਬੱਚਿਆਂ ਲਈ ਮੁਫ਼ਤ ਯੋਗਾ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ 100 ਦੇ ਕਰੀਬ ਬੱਚੇ ਭਾਗ ਲੈ ਰਹੇ ਹਨ। ਇਹ ਕੈਂਪ 17 ਮਈ ਤੱਕ ਚੱਲੇਗਾ। ਇਸ ਕੈਂਪ ਵਿੱਚ ਨੇਗੀ ਨੇ ਬਹੁਤ ਹੀ ਸਰਲ ਯੋਗਾ ਆਸਣ ਕਰਵਾਏ। ਬੱਚਿਆਂ ਦੀ ਯਾਦ ਸ਼ਕਤੀ ਨੂੰ ਤੇਜ਼ ਕਰਨ ਲਈ ਉਨ੍ਹਾਂ ਨੇ ਬੱਚਿਆਂ ਨੂੰ ਨੱਕ ਵਿੱਚ ਘਿਓ ਪਾਉਣਾ, ਬਦਾਮ ਦਾ ਲੇਪ ਪਾਉਣਾ, ਜਲ ਦੀ ਰਸਮ ਕਰਨੀ, ਜਲ ਨੇਤੀ ਕਰਨੀ ਆਦਿ ਸਾਰੀਆਂ ਕਿਰਿਆਵਾਂ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਇਸ ਦਾ ਅਭਿਆਸ ਵੀ ਕੀਤਾ। ਇਨ੍ਹਾਂ ਕਿਰਿਆਵਾਂ ਨੂੰ ਕਰਨ ਨਾਲ ਮਨ ਤੇਜ਼ ਹੁੰਦਾ ਹੈ ਅਤੇ ਇਸ ਦੇ ਨਾਲ ਹੀ ਅੱਖਾਂ 'ਤੇ ਲੱਗੀ ਐਨਕ ਵੀ ਕੁਝ ਹੀ ਦਿਨਾਂ 'ਚ ਦੂਰ ਹੋ ਜਾਂਦੀ ਹੈ। ਵਿਦਿਆਰਥੀਆਂ ਨੇ ਕਿਹਾ ਕਿ ਯੋਗਾ ਕਰਨ ਨਾਲ ਉਹ ਤਾਜ਼ਗੀ, ਊਰਜਾਵਾਨ ਅਤੇ ਇਕਾਗਰ ਮਹਿਸੂਸ ਕਰਦੇ ਹਨ। ਯੋਗਾ ਕਰਨ ਨਾਲ ਇਕਾਗਰਤਾ ਵਿਚ ਮਦਦ ਮਿਲਦੀ ਹੈ। ਮੈਨੂੰ ਪੜ੍ਹਾਈ ਕਰਨ ਦਾ ਮਨ ਹੈ। ਯੋਗਾਚਾਰੀਆ ਭੂਪੇਂਦਰ ਸਿੰਘ ਨੇਗੀ ਨੇ ਵਿਦਿਆਰਥੀਆਂ ਨੂੰ ਯੋਗ ਨੂੰ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਲਈ ਕਿਹਾ। ਯੋਗਾ ਕਰਨ ਨਾਲ ਕੀਟਾਣੂਆਂ ਨਾਲ ਲੜਨ ਦੀ ਸਮਰੱਥਾ ਪੈਦਾ ਹੁੰਦੀ ਹੈ। ਸਰੀਰ ਦਾ ਸਟੈਮਿਨਾ ਵਧਦਾ ਹੈ। ਇਸ ਮੌਕੇ ਹਾਜ਼ਰ ਜਨਰਲ ਸਕੱਤਰ ਨਰੇਸ਼ ਕੁਮਾਰ ਨੇ ਦੱਸਿਆ ਕਿ ਚੰਡੀਗੜ੍ਹ ਯੋਗ ਸਭਾ 1978 ਤੋਂ ਮੁਫ਼ਤ ਯੋਗਾ ਸੇਵਾਵਾਂ ਪ੍ਰਦਾਨ ਕਰ ਰਹੀ ਹੈ ? ਇਹ ਕਾਰਜ ਸੰਸਥਾਪਕ ਸਵਾਮੀ ਦੇਵੀ ਦਿਆਲ ਜੀ ਮਹਾਰਾਜ ਦੇ ਆਸ਼ੀਰਵਾਦ ਅਤੇ ਪ੍ਰੇਰਨਾ ਨਾਲ ਹੋ ਰਿਹਾ ਹੈ। ਮੁਫ਼ਤ ਸਿਖਲਾਈ ਕੈਂਪ ਵੀ ਲਗਾਇਆ ਜਾਂਦਾ ਹੈ। ਟ੍ਰਾਈ ਸਿਟੀ ਤੋਂ ਵੱਡੀ ਗਿਣਤੀ ਵਿੱਚ ਮਰੀਜ਼ ਚੰਡੀਗੜ੍ਹ ਯੋਗ ਸਭਾ ਦੀਆਂ ਸੇਵਾਵਾਂ ਲੈ ਰਹੇ ਹਨ। ਇਸ ਨਾਲ ਮਾਨਸਿਕ, ਸਰੀਰਕ ਅਤੇ ਅਧਿਆਤਮਿਕ ਲਾਭ ਮਿਲਦਾ ਹੈ। ਇਨ੍ਹਾਂ ਕੈਂਪਾਂ ਦਾ ਉਦੇਸ਼ ਬਿਨਾਂ ਦਵਾਈ ਤੋਂ ਇਲਾਜ ਕਰਵਾਉਣਾ ਹੈ। ਐਨਏਸੀ ਮਨੀਮਾਜਰਾ, ਬਲਟਾਣਾ ਅਤੇ ਮੋਹਾਲੀ ਵਿੱਚ ਵੀ ਯੋਗਾ ਦੀਆਂ ਕਲਾਸਾਂ ਲਗਾਈਆਂ ਜਾਂਦੀਆਂ ਹਨ। ਸੰਸਥਾ ਦਾ ਮੁੱਖ ਉਦੇਸ਼ ਯੋਗਾ ਨੂੰ ਹਰ ਘਰ ਤੱਕ ਪਹੁੰਚਾਉਣਾ ਹੈ।

# ਮੋਗਾ ਦੇ ਪੰਜਾਬੀ ਜੁੱਤੀ ਬਾਜ਼ਾਰ ਅਤੇ ਮਿੱਟੀ ਦੇ ਭਾਂਡੇ ਵੇਚਣ ਵਾਲੇ ਲੋਕਾਂ ਨੂੰ ਵੋਟ ਦੇ ਅਧਿਕਾਰ ਪ੍ਰਤੀ ਕੀਤਾ ਜਾਗਰੂਕ

## ਵੋਟਰ ਕਾਰਡ ਤੋਂ ਬਿਨ੍ਹਾਂ 12 ਹੋਰ ਡਾਕੂਮੈਂਟਸ ਨਾਲ ਵੀ ਪਾਈ ਜਾ ਸਕਦੀ ਹੈ ਵੋਟ- ਗੁਰਪ੍ਰੀਤ ਘਾਲੀ




ਮੋਗਾ 16 ਮਈ (ਅਰੋੜਾ) ਮਾਣਯੋਗ ਮੁੱਖ ਚੋਣ ਅਫ਼ਸਰ ਪੰਜਾਬ ਸਿਬਿਨ ਸੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ ਅਤੇ ਸਹਾਇਕ ਕਮਿਸ਼ਨਰ-ਕਮ-ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਸ਼ੁਭੀ ਆਂਗਰਾ ਦੀ ਦੇਖ ਰੇਖ ਵਿੱਚ ਚੱਲ ਰਹੀਆਂ ਸਵੀਪ ਗਤੀਵਿਧੀਆਂ ਨੂੰ ਵੋਟਰਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਦੀ ਲੜੀ ਤਹਿਤ ਅੱਜ ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਗੁਰਪ੍ਰੀਤ ਸਿੰਘ ਘਾਲੀ ਅਤੇ ਸਾਬਕਾ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਬਲਵਿੰਦਰ ਸਿੰਘ ਨੇ ਸ਼ਹਿਰ ਦੇ ਮੇਨ ਬਾਜ਼ਾਰ ਨੇੜੇ ਪੰਜਾਬੀ ਜੁੱਤੀ ਬਾਜ਼ਾਰ ਅਤੇ ਗਰਮੀ ਦੇ ਦਿਨਾਂ ਵਿੱਚ ਮਿੱਟੀ ਦੇ ਭਾਂਡੇ ਵੇਚਣ ਵਾਲੇ ਲੋਕਾਂ ਨਾਲ ਵੋਟਰ ਜਾਗਰੂਕਤਾ ਲਈ ਰਾਬਤਾ ਕਾਇਮ ਕੀਤਾ। ਟੀਮ ਨੇ ਦੁਕਾਨਦਾਰਾਂ ਅਤੇ ਗਾਹਕਾਂ ਨੂੰ 01 ਜੂਨ 2024 ਨੂੰ ਹੋ ਰਹੀਆਂ ਲੋਕ ਸਭਾ ਚੋਣਾਂ ਵਿੱਚ ਵਧ ਚੜ੍ਹ ਕੇ ਭਾਗ ਲੈਣ ਅਤੇ ਪਰਿਵਾਰ ਸਹਿਤ ਵੋਟ ਪਾਉਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਵੋਟਾਂ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਪੈਣਗੀਆਂ। ਬੂਥਾਂ ਉੱਪਰ ਸ਼ਾਮਿਆਨੇ ਦਾ ਪ੍ਰਬੰਧ ਹੋਵੇਗਾ ਤਾਂ ਕਿ ਵੋਟਰਾਂ ਨੂੰ ਧੁੱਪ ਤੋਂ ਬਚਾਇਆ ਜਾ ਸਕੇ। ਲਾਈਨ ਵਿੱਚ ਲੱਗ ਕੇ ਜਿਆਦਾ ਸਮਾਂ ਇੰਤਜਾਰ ਨਾ ਕਰਨਾ ਪਵੇ ਇਸ ਲਈ ਬੈਠਣ ਦਾ ਇੰਤਜ਼ਾਮ ਵੀ ਕੀਤਾ ਜਾਵੇਗਾ। ਬਜ਼ੁਰਗਾਂ ਅਤੇ ਦਿਵਿਆਂਗਜਨਾਂ ਨੂੰ ਘਰੋਂ ਲੈ ਕੇ ਅਤੇ ਛੱਡ ਕੇ ਆਉਣ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਬੂਥ ਉੱਪਰ ਗਰਮੀ ਤੋਂ ਬਚਾਅ ਵਾਸਤੇ ਪੱਖੇ ਕੂਲਰ ਆਦਿ ਦਾ ਵੀ ਪ੍ਰਬੰਧ ਹੋਵੇਗਾ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਜਾਣਗੀਆਂ। ਵਲੰਟੀਅਰ ਵੋਟਰਾਂ ਦੀ ਜ਼ਰੂਰਤ ਅਨੁਸਾਰ ਸਹਾਇਤਾ ਵੀ ਕਰਨਗੇ ਅਤੇ ਪਹਿਲੀ ਵਾਰ ਵੋਟ ਪਾਉਣ ਵਾਲਿਆਂ ਨੂੰ ਤੋਹਫ਼ੇ ਦੇ ਕੇ ਸਨਮਾਨਿਤ ਵੀ ਕੀਤਾ ਜਾਵੇਗਾ। ਉਨਾ ਕਿਹਾ ਕਿ ਕੋਈ ਵੀ ਅਜਿਹਾ ਵੋਟਰ ਜਿਸ ਕੋਲ ਵੋਟਰ ਕਾਰਡ ਨਹੀਂ ਵੀ ਹੈ ਉਹ ਆਪਣੀ ਵੋਟ ਦਾ ਇਸਤੇਮਾਲ ਚੋਣ ਕਮਿਸ਼ਨ ਵੱਲੋਂ ਮਾਨਤਾ ਪ੍ਰਾਪਤ 12 ਡਾਕੂਮੈਂਟਸ ਜਿਸ ਵਿੱਚ ਪਾਸਪੋਰਟ, ਆਧਾਰ ਕਾਰਡ, ਮਨਰੇਗਾ ਨੌਕਰੀ ਕਾਰਡ, ਪੈਨ ਕਾਰਡ, ਪਾਸਬੁੱਕ, ਸਿਹਤ ਬੀਮਾ ਸਮਾਰਟ ਕਾਰਡ, ਡਰਾਈਵਿੰਗ ਲਾਇਸੰਸ, ਸਰਵਿਸ ਪਛਾਣ ਪੱਤਰ, ਸਮਾਰਟ ਕਾਰਡ, ਪੈਨਸ਼ਨ ਦਸਤਾਵੇਜ਼, ਅਧਿਕਾਰਤ ਪਛਾਣ ਪੱਤਰ, ਵਿਲੱਖਣ ਦਿਵਿਆਂਗਤਾ ਸ਼ਨਾਖਤ ਕਾਰਡ ਸ਼ਾਮਿਲ ਹਨ।

# ਜਿੱਤ ਜਾਂ ਹਾਰ ਨੂੰ ਲੈ ਕੇ ਚਿੰਤਤ ਉਮੀਦਵਾਰ ਰਮੇਸ਼ ਅਵਸਥੀ ਨੇ ਲਿਆ ਫੀਡਬੈਕ




ਕਾਨਪੁਰ (ਸੁਨੀਲ ਬਾਜਪਾਈ) ਸ਼ਨੀਵਾਰ ਨੂੰ ਇੱਥੇ ਹੋਈਆਂ ਲੋਕ ਸਭਾ ਚੋਣਾਂ ਦੇ ਚੌਥੇ ਪੜਾਅ ਦੇ ਮੁਕੰਮਲ ਹੋਣ ਤੋਂ ਬਾਅਦ ਜਿੱਤ-ਹਾਰ ਦੀ ਚਿੰਤਾ ਉਮੀਦਵਾਰਾਂ ਦਾ ਪੱਲਾ ਨਹੀਂ ਛੱਡ ਰਹੀ। ਹਾਲਾਂਕਿ ਜ਼ਿਆਦਾਤਰ ਵਿਧਾਨ ਸਭਾਵਾਂ 'ਚ ਭਾਜਪਾ ਦਾ ਹੱਥ ਸੀ। ਪਹਿਲੀ ਵਾਰ ਭਾਜਪਾ ਦੀਆਂ ਬੱਸਾਂ ਮੁਸਲਿਮ ਬਹੁ-ਗਿਣਤੀ ਵਾਲੇ ਇਲਾਕਿਆਂ ਵਿੱਚ ਥਾਂ-ਥਾਂ ਸਨ। ਇੰਨਾ ਹੀ ਨਹੀਂ ਇਨ੍ਹਾਂ 'ਚੋਂ ਕਈਆਂ 'ਚ ਭਾਰਤੀ ਗਠਜੋੜ ਦੇ ਉਮੀਦਵਾਰ ਦੇ ਥੈਲੇ ਤੋਂ ਵੀ ਜ਼ਿਆਦਾ ਗਿਣਤੀ 'ਚ ਉਮੀਦਵਾਰ ਘਰ-ਘਰ ਪਹੁੰਚ ਕੇ ਵਰਕਰਾਂ ਨੂੰ ਮਿਲ ਕੇ ਉਨ੍ਹਾਂ ਤੋਂ ਫੀਡਬੈਕ ਵੀ ਲੈ ਰਹੇ ਹਨ।

ਉਮੀਦਵਾਰ ਰਮੇਸ਼ ਅਵਸਥੀ ਵੀ ਵਰਕਰਾਂ ਅਤੇ ਆਮ ਲੋਕਾਂ ਤੋਂ ਲਏ ਫੀਡਬੈਕ ਦੇ ਆਧਾਰ 'ਤੇ ਵੱਡੀ ਜਿੱਤ ਦਾ ਦਾਅਵਾ ਕਰ ਰਹੇ ਹਨ। ਚੋਣਾਂ ਖਤਮ ਹੋਣ ਤੋਂ ਬਾਅਦ ਤੋਂ ਹੀ ਭਾਜਪਾ ਵਰਕਰ ਉਨ੍ਹਾਂ ਦੀ ਜਿੱਤ 'ਤੇ ਵਧਾਈ ਦੇਣ ਲਈ ਲਗਾਤਾਰ ਉਨ੍ਹਾਂ ਦੇ ਘਰ ਜਾ ਰਹੇ ਹਨ।

ਵਰਕਰ ਉਮੀਦਵਾਰ ਰਮੇਸ਼ ਅਵਸਥੀ ਨੂੰ ਆਪੋ-ਆਪਣੇ ਪੋਲਿੰਗ ਕੇਂਦਰਾਂ ਵਿੱਚ ਭਾਜਪਾ ਦੇ ਹੱਕ ਵਿੱਚ ਪਈਆਂ ਵੋਟਾਂ ਦਾ ਗਣਿਤ ਵੀ ਸਮਝਾ ਰਹੇ ਹਨ। ਭਾਜਪਾ ਦੇ ਦਿੱਗਜ ਨੇਤਾ ਅਤੇ ਸਾਬਕਾ ਵਿਧਾਇਕ ਅਜੈ ਕਪੂਰ ਦਾ ਕਹਿਣਾ ਹੈ ਕਿ ਭਾਜਪਾ ਵੱਲੋਂ ਪਿਛਲੇ 10 ਸਾਲਾਂ ਵਿੱਚ ਕੀਤੇ ਗਏ ਕਮਾਲ ਦੇ ਅਤੇ ਅਸੰਭਵ ਜਾਪਦੇ ਕੰਮਾਂ ਕਾਰਨ ਜਨਤਾ ਮੋਦੀ ਜੀ ਦੀ ਪ੍ਰਸ਼ੰਸਕ ਹੋ ਗਈ ਹੈ। ਉਮੀਦਵਾਰ ਦੇ ਚੰਗੇ ਅਕਸ ਨੇ ਵੋਟਰਾਂ ਨੂੰ ਵੀ ਪ੍ਰਭਾਵਿਤ ਕੀਤਾ।

ਰਾਮਦੇਵ ਸ਼ੁਕਲਾ ਨੇ ਕਿਹਾ ਕਿ ਧਾਰਾ 370 ਨੂੰ ਖਤਮ ਕਰਨ ਅਤੇ ਰਾਮ ਮੰਦਰ ਦੇ ਉਦਘਾਟਨ ਅਤੇ ਨਿਰਮਾਣ ਤੋਂ ਲੋਕ ਭਾਜਪਾ ਤੋਂ ਬਹੁਤ ਖੁਸ਼ ਹਨ। ਭਾਜਪਾ ਸਾਹਿਤ ਪ੍ਰਚਾਰ ਵਿਭਾਗ ਦੱਖਣੀ ਜ਼ਿਲ੍ਹਾ ਕਨਵੀਨਰ ਪ੍ਰਕਾਸ਼ ਵੀਰ ਆਰੀਆ ਨੇ ਇਸ ਮਾਮਲੇ ਨੂੰ ਅੱਗੇ ਵਧਾਉਂਦੇ ਹੋਏ ਕਿਹਾ ਕਿ ਕਿਦਵਈ ਨਗਰ ਅਤੇ ਗੋਬਿੰਦ ਨਗਰ ਵਿਧਾਨ ਸਭਾ 'ਚ ਭਾਜਪਾ ਨੂੰ ਵੱਡੀ ਲੀਡ ਮਿਲੇਗੀ, ਸਾਬਕਾ ਸੰਗਠਨ ਮੰਤਰੀ ਸੰਜੇ ਦੂਬੇ ਨੇ ਅਜੈ ਕਪੂਰ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਸ ਵਾਰ ਜੂਹੀ ਬੰਬੂਰੀਆ 'ਚ ਕੋਈ ਨਹੀਂ ਸੀ। ਵਿਰੋਧੀ ਧਿਰ ਦਾ ਵਿਰੋਧ ਜਦੋਂਕਿ ਪਹਿਲਾਂ ਹਰ ਵਾਰ ਅਜੈ ਦੇ ਕਾਰਨ ਇਸ ਖੇਤਰ ਵਿੱਚ ਵਿਰੋਧੀ ਧਿਰ ਦੀ ਮੌਜੂਦਗੀ ਸੀ, ਭਾਜਪਾ ਮੰਡਲ ਪ੍ਰਧਾਨ ਅਖਿਲੇਸ਼ ਅਵਸਥੀ ਨੇ ਕਿਹਾ ਕਿ ਨਿਰਾਲਾ ਨਗਰ ਮੰਡਲ ਵਿੱਚ ਇਸ ਵਾਰ ਭਾਜਪਾ ਨੂੰ ਇਤਿਹਾਸਕ ਲੀਡ ਮਿਲੇਗੀ। ਸਕੂਲ ਪ੍ਰਬੰਧਕ ਵੀਕੇ ਮਿਸ਼ਰਾ ਨੇ ਕਿਹਾ ਕਿ ਭਾਜਪਾ ਦੀ ਜਿੱਤ 'ਤੇ ਕੋਈ ਸ਼ੱਕ ਨਹੀਂ ਹੈ।

# ਇੰਡੀਅਨ ਐਸੋਸੀਏਸ਼ਨ ਆਫ ਪ੍ਰੈਸ ਐਂਡ ਮੀਡੀਆਮੈਨ ਦੀ ਸੂਬਾ ਪੱਧਰੀ ਮੀਟਿੰਗ ਸਮਾਪਤ ਹੋਈ

ਅਮੁਲਿਆ, ਚੰਡੀਗੜ੍ਹ। ਇੰਡੀਅਨ ਐਸੋਸੀਏਸ਼ਨ ਆਫ ਪ੍ਰੈਸ ਐਂਡ ਮੀਡੀਆਮੈਨ ਦੀ ਸੂਬਾ ਪੱਧਰੀ ਮੀਟਿੰਗ




ਬੁੱਧਵਾਰ ਨੂੰ ਸੈਕਟਰ 29 ਡੀ ਵਿੱਚ ਹੋਈ। ਦੇ ਕੌਮੀ ਪ੍ਰਧਾਨ ਪਵਨ ਸਹਾਏ ਨੇ ਸਥਾਨਕ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੱਤਰਕਾਰਾਂ ਸਾਹਮਣੇ ਕਈ ਚੁਣੌਤੀਆਂ ਹਨ। ਇਸ ਤੋਂ ਇਲਾਵਾ ਪ੍ਰਕਾਸ਼ਕਾਂ ਦੀਆਂ ਮੁਸ਼ਕਲਾਂ ਵੀ ਘੱਟ ਨਹੀਂ ਹਨ। ਐਸੋਸੀਏਸ਼ਨ ਪੱਤਰਕਾਰਾਂ ਦੇ ਮਜ਼ਬੂਤ ਪੱਖ ਨੂੰ ਸਬੰਧਤ ਅਧਿਕਾਰੀਆਂ ਅੱਗੇ ਪੇਸ਼ ਕਰੇਗੀ ਅਤੇ ਜਲਦੀ ਹੱਲ ਲਈ ਯਤਨ ਕਰੇਗੀ। ਹਰਿਆਣਾ, ਪੰਜਾਬ, ਚੰਡੀਗੜ੍ਹ ਤੋਂ ਪ੍ਰਕਾਸ਼ਕਾਂ ਅਤੇ ਸੰਪਾਦਕਾਂ ਨੇ ਭਾਗ ਲਿਆ। ਮੀਟਿੰਗ ਵਿੱਚ ਮੁੱਖ ਤੌਰ 'ਤੇ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਪਵਨ ਸਹਾਇਤੀ, ਜਨਰਲ ਸਕੱਤਰ ਡਾ.ਡੀ.ਡੀ ਮਿੱਤਲ ਅਤੇ ਦਿੱਲੀ ਤੋਂ ਆਏ ਕੌਮੀ ਸਕੱਤਰ ਨਰਿੰਦਰ ਸ਼ਰਮਾ ਪਰਵਾਨਾ ਹਾਜ਼ਰ ਸਨ। ਸੂਬਾ ਚੰਡੀਗੜ੍ਹ ਕਨਵੀਨਰ ਡਾ.ਵਿਨੋਦ ਸ਼ਰਮਾ ਨੇ ਰਾਸ਼ਟਰੀ ਟੀਮ ਦੇ ਅਧਿਕਾਰੀਆਂ ਦਾ ਸਵਾਗਤ ਕੀਤਾ। ਮੀਟਿੰਗ ਦੌਰਾਨ ਪੱਤਰਕਾਰਾਂ, ਸੰਪਾਦਕਾਂ ਅਤੇ ਪ੍ਰਕਾਸ਼ਕਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਵਿਸ਼ੇਸ਼ ਤੌਰ 'ਤੇ ਚਰਚਾ ਕੀਤੀ ਗਈ। ਜਥੇਬੰਦੀ ਨੂੰ ਮਜ਼ਬੂਤ ਕਰਨ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਦੇ ਕੌਮੀ ਪ੍ਰਧਾਨ ਅਤੇ ਜਨਰਲ ਸਕੱਤਰ ਨੇ ਸਾਰੀਆਂ ਸਮੱਸਿਆਵਾਂ ਹੱਲ ਕਰਨ ਦਾ ਭਰੋਸਾ ਦਿੱਤਾ। ਅੰਤ ਵਿੱਚ ਸੂਬਾ ਕੋਆਰਡੀਨੇਟਰ ਡਾ.ਵਿਨੋਦ ਸ਼ਰਮਾ ਨੇ ਕਿਹਾ ਕਿ ਜਲਦੀ ਹੀ ਸੂਬਾ ਕਾਰਜਕਾਰਨੀ ਦਾ ਗਠਨ ਕੀਤਾ ਜਾਵੇਗਾ ਅਤੇ ਕੇਂਦਰ ਵੱਲੋਂ ਕਾਰਜਕਾਰਨੀ ਦਾ ਐਲਾਨ ਕੀਤਾ ਜਾਵੇਗਾ। ਸ਼ਿਵਕੁਮਾਰ ਵਰਮਾ, ਐਸ.ਪੀ ਚੋਪੜਾ, ਅਮਿਤ ਵਰਮਾ, ਰਮੇਸ਼ ਸਚਦੇਵਾ, ਰਾਕੇਸ਼ ਕੁਮਾਰ, ਰਿੰਪੀ ਆਦਿ ਹਾਜ਼ਰ ਹੋਏ।

# ਯੋਗਾ ਕੈਂਪ ਦੀ ਸਮਾਪਤੀ ਹਾਸਿਆਂ ਨਾਲ ਹੋਈ

## ਚੰਡੀਗੜ੍ਹ ਯੋਗ ਸਭਾ ਵੱਲੋਂ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਵਿੱਚ ਯੋਗ ਕੈਂਪ ਲਗਾਇਆ ਗਿਆ

ਅਮੁਲਿਆ, ਚੰਡੀਗੜ੍ਹ। ਚੰਡੀਗੜ੍ਹ ਯੋਗ ਸਭਾ ਸੈਕਟਰ 30ਏ ਚੰਡੀਗੜ੍ਹ ਵੱਲੋਂ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮ.ਡੀ.ਏ.ਵੀ ਭਵਨ, ਦਰੀਆ, ਚੰਡੀਗੜ੍ਹ ਵਿਖੇ ਯੋਗ ਕੈਂਪ ਦੀ ਸਮਾਪਤੀ ਕੀਤੀ ਗਈ। ਪ੍ਰਿੰਸੀਪਲ ਸੁਰੇਸ਼ ਸ਼ਰਮਾ ਅਤੇ ਜਨਰਲ ਸਕੱਤਰ ਨਰੇਸ਼ ਕੁਮਾਰ ਦੀ ਰਹਿਨੁਮਾਈ ਹੇਠ ਯੋਗਾਚਾਰੀਆ ਭੂਪੇਂਦਰ ਨੇਗੀ ਅਤੇ ਉਨ੍ਹਾਂ ਦੀ ਟੀਮ ਦੀ ਅਗਵਾਈ ਹੇਠ ਵਿਸ਼ੇਸ਼ ਤੌਰ 'ਤੇ ਬੱਚਿਆਂ ਲਈ ਮੁਫ਼ਤ ਯੋਗਾ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਭੁਪਿੰਦਰ ਸਿੰਘ ਨੇਗੀ ਨੇ ਯੋਗ ਆਸਣ ਕਰਵਾਏ। ਬੱਚਿਆਂ ਦੀ ਯਾਦ ਸ਼ਕਤੀ ਨੂੰ ਤੇਜ਼ ਕਰਨ ਲਈ ਉਨ੍ਹਾਂ ਨੇ ਬੱਚਿਆਂ ਨੂੰ ਨੱਕ ਵਿੱਚ ਘਿਓ ਪਾਉਣਾ, ਜਲ ਨੇਤੀ, ਸੂਰਜ ਨਮਸਕਾਰ, ਭਰਮਰੀ, ਲੰਬੀ ਵਿਲੋਮ ਸ਼ੀਤਲੀ, ਯੋਗਾ ਅਤੇ ਪ੍ਰਾਣਾਯਾਮ ਆਦਿ ਕਿਰਿਆਵਾਂ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ




ਇਸ ਦਾ ਅਭਿਆਸ ਵੀ ਕੀਤਾ। ਕਾਮੇਡੀ ਸੈਸ਼ਨ ਦੌਰਾਨ ਬੱਚੇ ਖੂਬ ਹੱਸ ਪਏ। ਇਸ ਯੋਗਾ ਨਾਲ ਵਿਅਕਤੀ ਬਹੁਤ ਮੁਕਤ ਹੋ ਜਾਂਦਾ ਹੈ ਅਤੇ ਚਿਹਰੇ 'ਤੇ ਖੁਸ਼ੀ ਦਿਖਾਈ ਦਿੰਦੀ ਹੈ। ਪ੍ਰਧਾਨ ਸੁਰੇਸ਼ ਸ਼ਰਮਾ ਅਤੇ ਜਨਰਲ ਸਕੱਤਰ ਨਰੇਸ਼ ਕੁਮਾਰ ਨੇ ਦੱਸਿਆ ਕਿ ਚੰਡੀਗੜ੍ਹ ਯੋਗ ਸਭਾ ਸੈਕਟਰ 30 ਵਿੱਚ ਸਰਵਾਈਕਲ ਗਰਦਨ ਦਰਦ, ਗੋਡਿਆਂ ਦਾ ਦਰਦ, ਕਮਰ ਦਰਦ, ਕਬਜ਼, ਗੈਸ, ਐਸੀਡਿਟੀ, ਮੋਟਾਪਾ, ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਜ਼ੁਕਾਮ, ਖਾਂਸੀ, ਪੇਚਸ਼ ਤੋਂ ਪੀੜਤ ਲੋਕਾਂ ਨੂੰ ਡਾ. ਤਣਾਅ, ਗਠੀਆ, ਇਨਸੌਮਨੀਆ ਆਦਿ ਸਾਰੀਆਂ ਬਿਮਾਰੀਆਂ ਦਾ ਇਲਾਜ ਸਧਾਰਨ ਯੋਗ ਆਸਣਾਂ, ਪ੍ਰਾਣਾਯਾਮ, ਮੁਦਰਾ ਧਿਆਨ ਅਤੇ ਸ਼ਤਕਰਮ ਦੁਆਰਾ ਕੀਤਾ ਜਾਂਦਾ ਹੈ। ਪੰਚਕਰਮ ਜਿਸ ਵਿੱਚ ਮਾਲਿਸ਼ ਅਤੇ ਭਾਫ਼ ਇਸ਼ਨਾਨ ਆਦਿ ਦਾ ਵੀ ਪ੍ਰਬੰਧ ਹੈ। ਇਸ ਕੈਂਪ ਵਿੱਚ 100 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਦੇ ਤਜਰਬੇ ਵੀ ਲਏ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਿਰਿਆਵਾਂ ਕਰਨ ਨਾਲ ਯਾਦ ਸ਼ਕਤੀ ਵਧਦੀ ਹੈ। ਯੋਗਾ ਕਰਨ ਨਾਲ ਉਸ ਨੂੰ ਤਾਜ਼ਗੀ, ਊਰਜਾ ਅਤੇ ਇਕਾਗਰਤਾ ਦਾ ਅਹਿਸਾਸ ਹੋਇਆ। ਯੋਗਾ ਕਰਨਾ ਫੋਕਸ ਨੂੰ ਬਿਹਤਰ ਬਣਾਉਣ ਵਿੱਚ ਪ੍ਰਭਾਵਸ਼ਾਲੀ ਸਾਬਤ ਹੋਇਆ ਹੈ। ਮੈਨੂੰ ਪੜ੍ਹਾਈ ਵਿੱਚ ਦਿਲਚਸਪੀ ਹੋਣ ਲੱਗੀ ਹੈ। ਯੋਗਾਚਾਰੀਆ ਭੂਪੇਂਦਰ ਸਿੰਘ ਨੇਗੀ ਨੇ ਵਿਦਿਆਰਥੀਆਂ ਨੂੰ ਇਨ੍ਹਾਂ ਸਾਰੀਆਂ ਗਤੀਵਿਧੀਆਂ ਨੂੰ ਨਿਯਮਤ ਰੱਖਣ ਦੀ ਸਲਾਹ ਦਿੱਤੀ।

# 30 ਲੀਟਰ ਨਾਜਾਇਜ਼ ਸ਼ਰਾਬ ਬਰਾਮਦ, ਇੱਕ ਨਾਮਜ਼ਦ

ਮਾਛੀਵਾੜਾ ਸਾਹਿਬ, 16 ਮਈ (ਦੀਪਕ ਕੁਮਾਰ) - ਸਥਾਨਕ ਪੁਲਿਸ ਵਲੋਂ 30 ਲੀਟਰ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ ਅਤੇ ਇਸ ਮਾਮਲੇ ਵਿਚ ਧਰਮਵੀਰ ਸਿੰਘ ਵਾਸੀ ਮਾਣੇਵਾਲ ਨੂੰ ਨਾਮਜ਼ਦ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੰਸਪੈਕਟਰ ਭਿੰਦਰ ਸਿੰਘ ਖੰਗੂੜਾ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਕਰਨੈਲ ਸਿੰਘ ਤੇ ਸੰਜੀਵ ਕੁਮਾਰ ਪੁਲਿਸ ਪਾਰਟੀ ਸਮੇਤ ਗਸ਼ਤ ਕਰ ਰਹੇ ਸਨ ਕਿ ਕਿਸੇ ਮੁਖ਼ਬਰ ਨੇ ਆ ਕੇ ਸੂਚਨਾ ਦਿੱਤੀ ਕਿ ਧਰਮਵੀਰ ਸਿੰਘ ਵਾਸੀ ਮਾਣੇਵਾਲ ਜੋ ਕਿ ਘਰ ਦੀ ਕੱਢੀ ਨਾਜਾਇਜ਼ ਸ਼ਰਾਬ ਵੇਚਦਾ ਹੈ ਅਤੇ ਅੱਜ ਵੀ ਆਪਣੇ ਘਰ ਵਿਚ ਇਹ ਸ਼ਰਾਬ ਵੇਚ ਰਿਹਾ ਹੈ। ਪੁਲਿਸ ਵਲੋਂ ਸੂਚਨਾ ਮਿਲਣ ’ਤੇ ਤੁਰੰਤ ਧਰਮਵੀਰ ਸਿੰਘ ਦੇ ਘਰ ਛਾਪੇਮਾਰੀ ਕੀਤੀ ਗਈ ਅਤੇ ਉਹ ਫ਼ਰਾਰ ਹੋ ਗਿਆ ਜਿਸ ਦੇ ਘਰੋਂ ਤਲਾਸ਼ੀ ਦੌਰਾਨ 30 ਲੀਟਰ ਘਰ ਦੀ ਕੱਢੀ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਿਸ ਵਲੋਂ ਇਸ ਮਾਮਲੇ ਵਿਚ ਧਰਮਵੀਰ ਸਿੰਘ ਖਿਲਾਫ਼ ਐਕਸਾਇਜ਼ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ।

# ਸਰਕਾਰੀ ਹਾਈ ਸਕੂਲ ਅਗੰਮਪੁਰ ਦੇ ਵਿਦਿਆਰਥੀਆਂ ਨੇ ਪਿੰਡ ਦੇ ਲੋਕਾਂ ਨੂੰ ਵੋਟਾਂ ਸਬੰਧੀ ਕੀਤਾ ਜਾਗਰੂਕ




ਸ੍ਰੀ ਅਨੰਦਪੁਰ ਸਾਹਿਬ 16 ਮਈ (ਦਵਿੰਦਰਪਾਲ ਸਿੰਘ): ਸਰਕਾਰੀ ਹਾਈ ਸਕੂਲ ਅਗੰਮਪੁਰ ਵਿਖੇ ਮੁੱਖ ਅਧਿਆਪਕਾ ਰੁਪਿੰਦਰਜੀਤ ਕੌਰ ਦੀ ਅਗਵਾਈ ਹੇਠ ਸਵੀਪ ਗਤੀਵਿਧੀਆਂ ਅਧੀਨ ਵਿਦਿਆਰਥੀਆਂ ਵੱਲੋਂ ਜਾਗਰੂਕਤਾ ਰੈਲੀ ਕੱਢੀ ਗਈ। ਇਸ ਜਾਗਰੂਕਤਾ ਰੈਲੀ ਵਿੱਚ ਸਕੂਲ ਦੀਆਂ ਵਿੱਦਿਆਰਥਣਾ ਵੱਲੋਂ ਲੋਕਾਂ ਨੂੰ ਵੋਟਾ ਬਣਾਉਣ ਅਤੇ ਵੋਟ ਪਾਉਣ ਦੇ ਅਧਿਕਾਰ ਪ੍ਰਤੀ ਜਾਗਰੂਕ ਕੀਤਾ ਗਿਆ। ਉਨਾਂ ਬਿਨਾਂ ਕਿਸੇ ਲਾਲਚ ਅਤੇ ਜਾਤ, ਧਰਮ ਆਦਿ ਤੋਂ ਪ੍ਰਭਾਵਿਤ ਹੋਏ ਬਿਨਾ ਸਹੀ ਵਿਆਕਤੀ ਦੀ ਚੋਣ ਕਰਨ ਲਈ ਪ੍ਰੇਰਿਤ ਕੀਤਾ। ਮੁੱਖ ਅਧਿਆਪਕਾ ਨੇ ਦੱਸਿਆ ਕਿ ਸਕੂਲ ਵਿਦਿਆਰਥੀਆਂ ਵੱਲੋਂ ਜਾਗੋ ਕੱਢ ਕੇ ਤੇ ਬੋਲੀਆਂ ਪਾ ਕੇ ਪਿੰਡ ਦੇ ਲੋਕਾਂ ਨੂੰ ਆਪਣੇ ਵੋਟ ਪਾਉਣ ਲਈ ਜਾਗਰੂਕ ਕੀਤਾ ਗਿਆ। ਭਾਰਤ ਦੇ ਨਾਗਰਿਕ ਹੋਣ ਦੇ ਨਾਤੇ ਹਰ ਇੱਕ ਵਿਅਕਤੀ ਦਾ ਨਿੱਜੀ ਫਰਜ਼ ਬਣਦਾ ਹੈ ਕਿ ਉਹ ਆਪਣੇ ਵੋਟ ਦੇ ਅਧਿਕਾਰ ਦਾ ਪ੍ਰਯੋਗ ਜਰੂਰ ਕਰਨ ਤਾਂ ਜੋ ਇੱਕ ਮਜਬੂਤ ਲੋਕਤੰਤਰ ਦੀ ਸਥਾਪਨਾ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਅਸੀ ਆਪਣੇ ਵੋਟ ਦੇ ਹੱਕ ਦੀ ਵਰਤੋਂ ਬਿਨ੍ਹਾਂ ਕਿਸੇ ਲਾਲਚ, ਡਰ ਤੋ ਕਰਨੀ ਹੈ ਅਤੇ ਸੂਝਵਾਨ ਉਮੀਦਵਾਰ ਚੁਣਨਾ ਹੈ ਜੋ ਕਿ ਸਾਡੇ ਖਿੱਤੇ, ਸਾਡੇ ਪੰਜਾਬ ਅਤੇ ਦੇਸ਼ ਦੀ ਤਰੱਕੀ ਕਰ ਸਕੇ।

# ਸਿਵਲ ਹਸਪਤਾਲ ਸਮਰਾਲਾ ਵਿਖੇ ਨੈਸ਼ਨਲ ਡੇਂਗੂ ਦਿਵਸ ਮਨਾਇਆ ਗਿਆ




ਲੁਧਿਆਣਾ/ਸਮਰਾਲਾ 16 ਮਈ (ਵਰਿੰਦਰ ਪ੍ਰਕਾਸ਼ ਭਾਂਬਰੀ/ਕਰਨ ਅਗਰਵਾਲ) ਸਿਵਲ ਸਰਜਨ ਲੁਧਿਆਣਾ ਡਾਕਟਰ ਜਸਵੀਰ ਸਿੰਘ ਔਲਖ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸਿਵਲ ਹਸਪਤਾਲ ਸਮਰਾਲਾ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਤਾਰਕਜੋਤ ਸਿੰਘ ਦੀ ਅਗਵਾਈ ਹੇਠ ਨੈਸ਼ਨਲ ਡੇਂਗੂ ਦਿਵਸ ਸਿਵਲ ਹਸਪਤਾਲ ਸਮਰਾਲਾ ਵਿਖੇ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫਸਰ ਡਾਕਟਰ ਤਾਰਕਜੋਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੇਂਗੂ ਬੁਖਾਰ ਮਾਦਾ ਏਡੀਜ਼ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਡੇਂਗੂ ਦੇ ਮੁਖ ਲੱਛਣ ਤੇਜ਼ ਬੁਖਾਰ, ਸਿਰ ਦਰਦ, ਮਾਸਪੇਸ਼ੀਆਂ ਵਿਚ ਦਰਦ, ਚਮੜੀ ਦੇ ਦਾਣੇ, ਅੱਖਾਂ ਦੇ ਪਿਛਲੇ ਹਿਸੇ ਵਿਚ ਦਰਦ, ਮਸੂੜੇ ਅਤੇ ਨੱਕ ਵਿੱਚ ਖੂਨ ਦਾ ਵਗਣਾ ਆਦਿ ਹਨ। ਇਹ ਮੱਛਰ ਸਾਫ ਖੜੇ ਪਾਣੀ ਦੇ ਸੋਮਿਆਂ ਵਿਚ ਪੈਦਾ ਹੁੰਦਾ ਹੈ ਅਤੇ ਇਹ ਸਿਰਫ ਦਿਨ ਵੇਲੇ ਕੱਟਦਾ ਹੈ। ਇਸ ਤੋਂ ਬਚਾਓ ਲਈ ਸਾਨੂੰ ਹਰ ਸ਼ੁਕਰਵਾਰ ਨੂੰ ਡ੍ਰਾਈ ਡੇ ਵਜੋਂ ਮਨਾਉਣਾ ਚਾਹੀਦਾ ਹੈ। ਸੌਣ ਵੇਲੇ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲ ਆਦਿ ਦਾ ਇਸਤੇਮਾਲ ਕਰੋ। ਉਨ੍ਹਾਂ ਦੱਸਿਆ ਕੇ ਡੇਂਗੂ ਦਾ ਟੈਸਟ ਅਤੇ ਇਲਾਜ਼ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਪਰਦੀਪ ਕੁਮਾਰ ਮਲਟੀਪਰਪਜ਼ ਹੈਲਥ ਵਰਕਰ ਵਲੋਂ ਸ਼ਹਿਰ ਦੇ ਸਕੂਲਾਂ ਵਿੱਚ ਡੇਂਗੂ ਸੰਬੰਧੀ ਜਾਗਰੂਕਤਾ ਕੈਂਪ ਲਗਾਏ ਗਏ ਅਤੇ ਵਿਦਿਆਰਥੀ ਵਿੱਚ ਪੇਂਟਿੰਗ ਮੁਕਾਬਲੇ, ਭਾਸ਼ਣ ਮੁਕਾਬਲੇ, ਕੁਇਜ਼ ਮੁਕਾਬਲੇ ਕਰਵਾਏ ਗਏ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ।ਇਸ ਮੌਕੇ ਸਿਵਲ ਹਸਪਤਾਲ ਸਮਰਾਲਾ ਦੀ ਟੀਮ ਵੱਲੋਂ ਸੀਨੀਅਰ ਮੈਡੀਕਲ ਅਫਸਰ ਡਾ ਤਾਰਕਜੋਤ ਸਿੰਘ ਦੀ ਅਗਵਾਈ ਹੇਠ ਨਰਸਿੰਗ ਵਿਦਿਆਰਥੀਆਂ ਨਾਲ ਮਿਲ ਕੇ ਸ਼ਹਿਰ ਸਮਰਾਲਾ ਵਿਖੇ ਡੇਂਗੂ ਜਾਗਰੂਕਤਾ ਰੈਲੀ ਕੱਢੀ ਗਈ ਅਤੇ ਲੋਕਾਂ ਨੂੰ ਡੇਂਗੂ ਸੰਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ ਲਖਵਿੰਦਰ ਸਿੰਘ, ਡਾ ਕਰਨਵੀਰ ਸਿੰਘ, ਡਾ ਗੁਰਿੰਦਰ ਕੌਰ, ਨਰਸਿੰਗ ਸਿਸਟਰ ਅਪਵਿੰਦਰ ਕੌਰ, ਸਤਿੰਦਰ ਕੌਰ ਐਲ.ਐਚ.ਵੀ,ਬਲਦੀਸ਼ ਕੌਰ ਮ.ਪ.ਹ.ਵ.( ਫੀਮੇਲ)ਅਤੇ ਸਿਵਲ ਹਸਪਤਾਲ ਸਮਰਾਲਾ ਦਾ ਸਮੂਹ ਸਟਾਫ ਅਤੇ ਨਰਸਿੰਗ ਵਿਦਿਆਰਥੀ ਹਾਜ਼ਰ ਸਨ।

# ਸਰਹਿੰਦ ਨਹਿਰ ‘ਚੋਂ 2 ਨੌਜਵਾਨਾਂ ਦੀਆਂ ਲਾਸ਼ਾਂ ਮਿਲੀਆਂ

ਮਾਛੀਵਾੜਾ ਸਾਹਿਬ, 16 ਮਈ (ਦੀਪਕ ਕੁਮਾਰ) - ਇੱਥੋਂ ਕੁਝ ਹੀ ਦੂਰੀ ’ਤੇ ਵਗਦੀ ਸਰਹਿੰਦ ਨਹਿਰ ’ਚੋਂ ਅੱਜ 2 ਨੌਜਵਾਨਾਂ ਦੀਆਂ ਲਾਸ਼ਾਂ ਮਿਲੀਆਂ ਜਿਨ ਾਂ ’ਚੋਂ ਇੱਕ ਦੀ ਪਹਿਚਾਣ ਜੀਵਨ (19) ਵਾਸੀ ਵੱਡਾ ਸਮਾਣਾ ਵਜੋਂ ਹੋਈ ਜੋ ਕਿ ਇੱਕ ਸਬਜ਼ੀ ਵਿਕ੍ਰੇਤਾ ਸੀ ਜਦਕਿ ਦੂਜੇ ਦੀ ਪਹਿਚਾਣ ਨਾ ਹੋ ਸਕੀ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਜੀਵਨ 2 ਦਿਨ ਪਹਿਲਾਂ ਆਪਣੇ ਸਾਥੀ ਨਾਲ ਪਿੰਡਾਂ ਵਿਚ ਸਬਜ਼ੀ ਵੇਚ ਰਿਹਾ ਸੀ ਕਿ ਉਹ ਗਰਮੀ ਦੇ ਮੌਸਮ ਨੂੰ ਦੇਖਦਿਆਂ ਸਰਹਿੰਦ ਨਹਿਰ ਵਿਚ ਨਹਾਉਣ ਲਈ ਉਤਰਿਆ। ਨਹਿਰ ਵਿਚ ਨਹਾਉਣ ਸਮੇਂ ਉਹ ਗਹਿਰੇ ਪਾਣੀ ਵਿਚ ਚਲਾ ਗਿਆ ਜਿਸ ਕਾਰਨ ਉਹ ਰੁੜ ਗਿਆ। ਪਰਿਵਾਰਕ ਮੈਂਬਰਾਂ ਵਲੋਂ ਉਸਦੀ ਤਲਾਸ਼ ਕੀਤੀ ਜਾ ਰਹੀ ਸੀ ਕਿ ਅੱਜ ਉਸਦੀ ਲਾਸ਼ ਨਹਿਰ ਵਿਚ ਤੈਰਦੀ ਮਿਲੀ ਜਿਸ ਨੂੰ ਬਾਹਰ ਕੱਢ ਲਿਆ ਗਿਆ। ਇਸ ਤੋਂ ਇਲਾਵਾ ਇੱਕ ਹੋਰ ਮਾਮਲੇ ਵਿਚ ਅੱਜ ਸਰਹਿੰਦ ਨਹਿਰ ਦੇ ਗੜ ੀ ਪੁਲ ਨੇੜਿ ਓਂ ਇੱਕ ਹੋਰ ਲਾਸ਼ ਤੈਰਦੀ ਮਿਲੀ ਜਿਸ ’ਤੇ ਪੁਲਿਸ ਨੂੰ ਸੂਚਿਤ ਕੀਤਾ ਗਿਆ। ਮੌਕੇ ’ਤੇ ਪੁੱਜੇ ਸਹਾਇਕ ਥਾਣੇਦਾਰ ਕਰਨੈਲ ਸਿੰਘ ਨੇ ਦੱਸਿਆ ਕਿ ਨਹਿਰ ’ਚ ਤੈਰਦੀ ਲਾਸ਼ ਨੂੰ ਬਾਹਰ ਕਢਵਾਇਆ ਗਿਆ ਅਤੇ ਉਸਦੇ ਕੱਪੜਿਆਂ ’ਚੋਂ ਅਜਿਹਾ ਕੋਈ ਦਸਤਾਵੇਜ਼ ਨਹੀਂ ਮਿਲਿਆ ਜਿਸ ਤੋਂ ਉਸਦੀ ਪਹਿਚਾਣ ਹੋ ਸਕੇ। ਮ੍ਰਿਤਕ ਨੌਜਵਾਨ ਲੱਗਦਾ ਹੈ ਜਿਸ ਦੀ ਉਮਰ ਕਰੀਬ 25 ਸਾਲ ਲੱਗਦੀ ਹੈ। ਪੁਲਿਸ ਵਲੋਂ ਫਿਲਹਾਲ ਲਾਸ਼ ਨੂੰ ਪਹਿਚਾਣ ਲਈ ਮੋਰਚਰੀ ਵਿਚ ਰਖਵਾ ਦਿੱਤਾ ਹੈ।







publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਅਤੇ ਐਕਸਪ੍ਰੈਸ ਵੇਅ ਦੇ ਪੀੜਤ ਕਿਸਾਨਾਂ ਦਾ ਡੈਪੂਟੇਸ਼ਨ ਡੀਸੀ ਦਫਤਰ ਗੁਰਦਾਸਪੁਰ ਨੂੰ ਮਿਲਿਆ




ਗੁਰਦਾਸਪੁਰ-ਨਵਨੀਤ ਕੁਮਾਰ - ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਦੀ ਅਗਵਾਈ ਵਿੱਚ ਅੱਜ ਇੱਕ ਮਾਸ ਡੇਪੂਟੇਸ਼ਨ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਮਿਲਣ ਪੁੱਜਾ। ਇਸ ਵਿੱਚ ਐਕਸਪ੍ਰੈਸ ਵੇਅ ਦੇ ਘੱਟ ਮੁਆਵਜਾ ਮਿਲਣ ਵਾਲੇ ਪਿੰਡ ਮਾੜੇ ਅਲਾਵਲਪੁਰ ਸਿੱਧਵਾਂ ਬਖਤਪੁਰ ਸਾਹਾਏਪੁਰ ਆਦਿ ਦੇ ਪੀੜਤ ਕਿਸਾਨਾਂ ਨੇ ਵੀ ਸ਼ਮੂਲੀਅਤ ਕੀਤੀ। ਮੰਗ ਕੀਤੀ ਗਈ ਕਿ ਉਪਰੋਕਤ ਪਿੰਡਾਂ ਨੂੰ 48 ਲੱਖ ਏਕੜ ਦੇ ਹਿਸਾਬ ਮੁਆਵਜ਼ਾ ਦਿੱਤਾ ਜਾ ਰਿਹਾ ਹੈ ਜਦਕਿ ਬਾਕੀ ਪਿੰਡਾਂ ਨੂੰ 60 ਲੱਖ ਤੋਂ ਇਕ ਕਰੋੜ ਰੁਪਆ ਤੱਕ ਮੁਆਵਜ਼ਾ ਅਦਾ ਕੀਤਾ ਜਾ ਰਿਹਾ ਹੈ। ਐਡਾ ਵੱਡਾ ਵਿਤਕਰਾ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਅਤੇ ਇਸ ਨੂੰ ਹਰ ਹਾਲਤ ਵਿੱਚ ਦੂਰ ਕਰਨ ਦੀ ਲੋੜ ਹੈ। ਡਿਪਟੀ ਕਮਿਸ਼ਨਰ ਸਾਹਿਬ ਦੀ ਗੈਰ ਹਾਜ਼ਰੀ ਵਿੱਚ ਜੀ ਏ ਟੂ ਡੀ ਸੀ ਸ੍ਰੀ ਅਸ਼ਵਨੀ ਅਰੋੜਾ ਹੋਰਾਂ ਨੂੰ ਮੰਗ ਪੱਤਰ ਦਿੱਤਾ ਗਿਆ ਅਤੇ ਦੱਸਿਆ ਕਿ ਅਗਰ ਪੂਰਾ ਮੁਆਵਜਾ ਨਾ ਮਿਲਿਆ ਤਾਂ ਸੜਕ ਦੀ ਉਸਾਰੀ ਨਹੀਂ ਹੋਣ ਦਿੱਤੀ ਜਾਵੇਗੀ।

ਇਸ ਸਮੇਂ ਹਰਜੀਤ ਸਿੰਘ ਕਾਹਲੋ ਤਰਲੋਕ ਸਿੰਘ ਬਹਿਰਾਮਪੁਰ ਅਜੀਤ ਸਿੰਘ ਠੱਕਰ ਸੰਧੂ ਮੱਖਣ ਸਿੰਘ ਕੁਹਾੜ ਗੁਰਦੀਪ ਸਿੰਘ ਮੁਸਤਫਾਬਾਦ ਬਲਬੀਰ ਸਿੰਘ ਮਾੜੇ ਅਜੀਤ ਸਿੰਘ ਹੁੰਦਲ ਕੁਲਜੀਤ ਸਿੰਘ ਸਿਧਵਾਜਮੀਤਾਂ ਮਲਕੀਤ ਸਿੰਘ ਬੁੱਢਾਕੋਟ ਬਲਜੀਤ ਸਿੰਘ ਕਾਲਾਨੌਰ ਅਵਿਨਾਸ਼ ਸਿੰਘ ਗੁਰਮੰਗਲ ਸਿੰਘ ਪਰਮਜੀਤ ਸਿੰਘ (ਮਾੜੇ) ਕਾਬਲ ਸਿੰਘ ਕੁੰਨਣ ਸਿੰਘ ਗੁਰਮੇਜ ਸਿੰਘ (ਸਿੱਧਵਾਂ) ਮਨਜਿੰਦਰ ਸਿੰਘ ਸੁਖਦੀਪ ਸਿੰਘਸਹਾਇਪੁਰ )ਗੁਰਨਾਮ ਸਿੰਘ ਗਗਨ ਸਿੰਘ( ਅਲਾਵਲਪੁਰ) ਅਤੇ ਹੋਰ ਬਹੁਤ ਸਾਰੇ ਕਿਸਾਨ ਆਗੂ ਹਾਜ਼ਰ ਸਨ।




# ਸਿੱਖ ਮਿਸ਼ਨਰੀ ਕਾਲਜ ਵੱਲੋਂ ਮੈਰਿਟ ਵਿੱਚ ਆਏ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ

ਸ੍ਰੀ ਅਨੰਦਪੁਰ ਸਾਹਿਬ 16 ਮਈ(ਦਵਿੰਦਰਪਾਲ ਸਿੰਘ): ਬਲਾਕ ਸ੍ਰੀ ਅਨੰਦਪੁਰ ਸਾਹਿਬ ਅਧੀਨ ਆਉਦੇ ਸਰਕਾਰੀ ਆਦਰਸ਼ ਸੀਨੀ.ਸੈਕ.ਸਕੂਲ ਲੋਦੀਪੁਰ ਦੇ ਵਿਦਿਆਰਥੀਆਂ ਨੇ ਸਿੱਖ ਮਿਸ਼ਨਰ ਕਾਲਜ ਲੁਧਿਆਣਾ ਵੱਲੋਂ ਲਈ ਗਈ ਧਾਰਮਿਕ ਪ੍ਰੀਖਿਆ ਵਿੱਚ ਬਹੁਤ ਵਧੀਆ ਕਾਰਗੁਜਾਰੀ ਦਿਖਾਈ ਹੈ। ਅਰਸ਼ਦੀਪ ਕੌਰ ਜਮਾਤ ਪੰਜਵੀ ਦੀ ਵਿਦਿਆਰਥਣ ਵੱਲੋ ਮੈਰਿਟ ਵਿਚ ਆ ਕੇ 2100 ਦਾ ਇਨਾਮ ਅਤੇ ਟਰਾਫੀ ਜਿੱਤੀ ਹੈ। ਇਸ ਸਬੰਧੀ ਸਕੂਲ ਪ੍ਰਿੰ. ਅਵਤਾਰ ਸਿੰਘ ਦੜੋਲੀ ਨੇ ਦੱਸਿਆ ਕਿ ਸਕੂਲ ਵਿੱਚ ਕੁੱਲ 48 ਬੱਚਿਆ ਨੇ ਭਾਗ ਲਿਆ ਸੀ, ਜਿਸ ਵਿਚੋਂ 38 ਬੱਚਿਆਂ ਨੇ ਇਹ ਪ੍ਰੀਖਿਆ ਪਾਸ ਕੀਤੀ ਤੇ ਮੈਰਿਟ ਵਿੱਚ ਆ ਕੇ ਇਹ ਸਾਬਤ ਕੀਤਾ ਹੈ ਕਿ ਇਹ ਵਿਦਿਆਰਥੀਆ ਕੇਵਲ ਰਵਾਇਤੀ ਸਿੱਖਿਆ ਵਿੱਚ ਹੀ ਮੋਹਰੀ ਨਹੀ ਹਨ, ਬਲਕਿ ਹੋਰ ਦੂਜੀਆਂ ਪ੍ਰੀਖਿਆਵਾ ਵਿਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਦੇ ਹਨ। ਇਸ ਸਬੰਧੀ ਸਕੂਲ ਅਧਿਆਪਕ ਅਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰ. ਚਰਨਜੀਤ ਸਿੰਘ ਨੇ ਇਨ੍ਹਾਂ ਸਾਰੇ ਬੱਚਿਆਂ ਦਾ ਸਕੂਲ ਵਿਚ ਆ ਕੇ ਸਨਮਾਨ ਕੀਤਾ। ਇਸ ਮੌਕੇ ਜਗਮੋਹਨ ਸਿੰਘ ਚਾਨਾ, ਇਕਬਾਲ ਸਿੰਘ, ਅਪਾਰ ਸਿੰਘ, ਅਮਰਜੀਤ ਸਿੰਘ, ਵਰੁਣ ਕੁਮਾਰ, ਰਮਾ ਰਾਣੀ, ਸਰਬਜੀਤ ਕੌਰ, ਗੁਰਪ੍ਰੀਤ ਕੌਰ, ਸੀਮਾ ਰਾਣਾ, ਰਜਨੀ, ਸੋਨੀਆਂ, ਰੀਨਾ, ਮਮਤਾ, ਰਿਤੂ, ਮਧੂ, ਪ੍ਰਭਜੋਤ, ਮਨਜੋਤ ਕੌਰ ਆਦਿ ਹਾਜ਼ਰ ਸਨ।

# ਪਿੰਡ ਲੋਹਾਰਾ ਵਿਖੇ ਦਰਗਾਹ ਦੇ ਨਜਦੀਕ ਠੰਡੇ-ਮਿੱਠੇ ਜਲ ਦੀ ਛਬੀਲ ਲਈ 5000 ਦੀ ਰਾਸ਼ੀ ਭੇਟ




ਕੋਟ ਈਸੇ ਖਾਂ 16 ਮਈ (ਅਰੋੜਾ) ਸ਼ਹਿਰ ਕੋਟ ਈਸੇ ਖਾਂ ਦੇ ਲਾਗਲੇ ਪਿੰਡ ਲੁਹਾਰਾ ਵਿਖੇ ਫੱਕਰ ਬਾਬਾ ਦਾਮੂ ਸ਼ਾਹ ਜੀ ਦੀ ਦਰਗਾਹ ਤੇ ਹਰੇਕ ਵੀਰਵਾਰ ਨੂੰ ਸੰਗਤ ਦੂਰ ਦਰੇਡੇ ਤੋਂ ਬਾਬਾ ਜੀ ਦੇ ਦਰਸ਼ਨ ਕਰਨ ਲਈ ਆਉਂਦੀ ਹੈ ਅਤੇ ਵਧ ਰਹੀ ਗਰਮੀ ਨੂੰ ਦੇਖਦਿਆਂ ਹੋਏ ਪਿੰਡ ਦੇ ਪਤਵੰਤੇ ਸੱਜਣਾਂ ਵੱਲੋਂ ਬਾਬਾ ਜੀ ਦੀ ਦਰਗਾਹ ਦੇ ਨੇੜੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਜਾਂਦੀ ਹੈ।ਇਸ ਮੌਕੇ ਜਾਣਕਾਰੀ ਦਿੰਦਿਆਂ ਹੋਇਆਂ ਸਾਬਕਾ ਮੈਂਬਰ ਜਗਸੀਰ ਸਿੰਘ ਬੂਟਾ ਨੇ ਦੱਸਿਆ ਕਿ ਅਸੀਂ ਪਿਛਲੇ ਚਾਰ ਸਾਲਾਂ ਤੋਂ ਲਗਾਤਾਰ ਸੰਗਤਾਂ ਲਈ ਪਾਣੀ ਦੀ ਛਬੀਲ ਲਗਾ ਰਹੇ ਹਾਂ ਅਤੇ ਇਹ ਸੇਵਾ ਪ੍ਰਬੰਧਕ ਕਮੇਟੀ ਤੋਂ ਵੱਖਰੀ ਕੀਤੀ ਜਾਂਦੀ ਹੈ। ਬੂਟਾ ਸਿੰਘ ਨੇ ਦੱਸਿਆ ਕਿ ਅੱਜ ਦੀ ਸੇਵਾ ਛਿੰਦਰ ਸਿੰਘ ਧਾਲੀਵਾਲ ਬੱਧਨੀ ਕਲਾਂ ਵੱਲੋਂ 5000 ਰੁਪਏ ਦੀ ਨਗਦ ਰਾਸ਼ੀ ਠੰਡੇ ਮਿੱਠੇ ਜਲ ਦੀ ਛਬੀਲ ਲਗਾਉਣ ਲਈ ਕੀਤੀ ਗਈ ਹੈ। ਇਸ ਦੌਰਾਨ ਸੇਵਾਦਾਰਾਂ ਵੱਲੋਂ ਰਾਸ਼ੀ ਦੇਣ ਵਾਲੇ ਦਾਨੀ ਸੱਜਣ ਨੂੰ ਬਾਬਾ ਜੀ ਦਾ ਸਰੂਪ ਦੇ ਕੇ ਸਨਮਾਨਿਤ ਕੀਤਾ ਗਿਆ ਤੇ ਧੰਨਵਾਦ ਵੀ ਕੀਤਾ ਗਿਆ । ਇਸ ਮੌਕੇ ਮਹਿੰਦਰ ਸਿੰਘ ,ਜਗਰਾਜ ਸਿੰਘ ਰਾਜੂ, ਬਲਵੀਰ ਸਿੰਘ, ਜੀਤ ਸਿੰਘ , ਨਰੇਸ਼ ਕੁਮਾਰ ਬਾਵਾ, ਰਾਮ ਕੁਮਾਰ ਬਾਵਾ, ਜੋਰਾ ਸਿੰਘ, ਰੇਸ਼ਮ ਸਿੰਘ,,ਪਾਲਾ ਸਿੰਘ, ਮੋਨੂ ਕੁਮਾਰ ਤੋਂ ਇਲਾਵਾ ਹੋਰ ਵੀ ਸੇਵਾਦਾਰ ਹਾਜ਼ਰ ਸਨ।

# ਕਾਨਪੁਰ 'ਚ ਸੂਰਯਦੇਵ ਦੀ ਤਪਸ਼ ਦੌਰਾਨ ਮਾਲ ਗੱਡੀ ਨੂੰ ਲੱਗੀ ਅੱਗ: ਫਾਇਰ ਬ੍ਰਿਗੇਡ ਨੇ ਇਸ 'ਤੇ ਕਾਬੂ ਪਾਇਆ




ਕਾਨਪੁਰ ਸੁਨੀਲ ਬਾਜਪਾਈ- ਸੂਰਜ ਦੇਵ ਦੀ ਲਗਾਤਾਰ ਪੈ ਰਹੀ ਤੇਜ਼ ਗਰਮੀ ਨੇ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਹੈ। ਵੀਰਵਾਰ ਸਵੇਰੇ ਕੋਲਾ ਲੈ ਕੇ ਜਾ ਰਹੀ ਇੱਕ ਮਾਲ ਗੱਡੀ ਵੀ ਇਸ ਦੀ ਲਪੇਟ ਵਿੱਚ ਆ ਗਈ। ਮੌਕੇ 'ਤੇ ਪੁੱਜੀਆਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਬੜੀ ਮੁਸ਼ਕਲ ਨਾਲ ਅੱਗ 'ਤੇ ਕਾਬੂ ਪਾਇਆ।

ਇਹ ਘਟਨਾ ਮਹਾਰਾਜਪੁਰ ਥਾਣਾ ਖੇਤਰ ਦੇ ਨਿਊ ਕਾਨਪੁਰ ਜੰਕਸ਼ਨ ਸਰਸੌਲ ਸਟੇਸ਼ਨ ਨੇੜੇ ਵਾਪਰੀ। ਇੱਥੇ ਕੋਲੇ ਨਾਲ ਭਰੀ ਮਾਲ ਗੱਡੀ ਨੂੰ ਅੱਗ ਲੱਗ ਗਈ। ਧੂੰਆਂ ਨਿਕਲਦਾ ਦੇਖ ਮੁਲਾਜ਼ਮਾਂ 'ਚ ਦਹਿਸ਼ਤ ਫੈਲ ਗਈ। ਜਿਸ 'ਤੇ ਸਰਸੌਲ ਸਟੇਸ਼ਨ ਮਾਸਟਰ ਨੇ ਟਰੇਨ ਨੂੰ ਰੋਕ ਕੇ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ। ਜਿਸ ਤੋਂ ਬਾਅਦ ਮੌਕੇ 'ਤੇ ਪਹੁੰਚੇ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਕਾਫੀ ਮੁਸ਼ੱਕਤ ਨਾਲ ਅੱਗ 'ਤੇ ਕਾਬੂ ਪਾਇਆ।

ਅੱਜ ਵੀਰਵਾਰ ਸਵੇਰੇ 6 ਵਜੇ ਕੋਲੇ ਨਾਲ ਲੱਦੀ ਇਹ ਮਾਲ ਗੱਡੀ ਕਾਨਪੁਰ ਤੋਂ ਪ੍ਰਯਾਗਰਾਜ ਜਾ ਰਹੀ ਸੀ। ਧੂੰਆਂ ਨਿਕਲਦਾ ਦੇਖ ਕੇ ਟਰੇਨ ਨੂੰ ਰੋਕਿਆ ਗਿਆ ਅਤੇ ਫਾਇਰ ਬ੍ਰਿਗੇਡ ਨੂੰ ਸੂਚਨਾ ਦਿੱਤੀ ਗਈ। ਜਿਨ੍ਹਾਂ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਉਣ ਦੀ ਪੂਰੀ ਕੋਸ਼ਿਸ਼ ਕੀਤੀ।

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੇ ਵੀਡੀਓ ਕਾਨ.ਫਰੰਸ ਰਾਹੀਂ ਲੋਕ ਸਭਾ ਚੋਣਾਂ-2024 ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

## ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਮੁੱਖ ਚੋਣ ਅਧਿਕਾਰੀ ਨੂੰ ਚੋਣ ਤਿਆਰੀਆਂ ਬਾਰੇ ਜਾਣੂ ਕਰਵਾਇਆ

ਗੁਰਦਾਸਪੁਰ- ਨਵਨੀਤ ਕੁਮਾਰ - ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ-2024 ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅੱਜ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ-ਕਮ-ਜ਼ਿਲ੍ਹਾ ਚੋਣ ਅਧਿਕਾਰੀਆਂ, ਪੁਲਿਸ ਕਮਿਸ਼ਨਰਾਂ ਅਤੇ ਐੱਸਐੱਸਪੀਜ਼ ਨਾਲ ਵੀਡੀਓ ਕਾਨਫ਼ਰਸਿੰਗ ਰਾਹੀਂ ਮੀਟਿੰਗ ਕੀਤੀ।




ਮੀਟਿੰਗ ਦੌਰਾਨ ਮੁੱਖ ਚੋਣ ਅਧਿਕਾਰੀ ਨੇ ਪੋਲਿੰਗ ਸਟੇਸ਼ਨਾਂ ਉੱਤੇ ਪੋਲਿੰਗ ਪ੍ਰਬੰਧਾਂ, ਹੀਟ ਵੇਵ ਤੋਂ ਬਚਾਅ ਸਬੰਧੀ ਕੀਤੇ ਜਾਣ ਵਾਲੇ ਉਪਰਾਲਿਆਂ, ਪੋਲਿੰਗ ਸਟਾਫ਼ ਦੀ ਤਾਇਨਾਤੀ, ਸੰਵੇਦਨਸ਼ੀਲ ਬੂਥਾਂ ਦੀ ਮੈਪਿੰਗ, ਸਵੀਪ (ਸਿਸਟੇਮੈਟਿਕ ਵੋਟਰਜ਼ ਐਜੂਕੇਸ਼ਨ ਅਤੇ ਇਲੈਕਟੋਰਲ ਪਾਰਟੀਸੀਪੇਸ਼ਨ) ਗਤੀਵਿਧੀਆਂ, ਵੈੱਬ ਕਾਸਟਿੰਗ, ਸੀਆਰਪੀਐਫ ਦੀ ਤਾਇਨਾਤੀ, ਸੰਚਾਰ ਯੋਜਨਾ, ਅੰਤਰਰਾਜੀ ਸਰਹੱਦਾਂ ਉੱਤੇ ਸੁਰੱਖਿਆ ਪ੍ਰਬੰਧਾਂ ਦੇ ਨਾਲ-ਨਾਲ ਸੂਬੇ ਵਿੱਚ ਸੁਤੰਤਰ ਅਤੇ ਨਿਰਪੱਖ ਚੋਣਾਂ ਕਰਵਾਉਣ ਲਈ ਕਾਨੂੰਨ-ਵਿਵਸਥਾ ਦੀ ਸਥਿਤੀ ਦਾ ਜਾਇਜ਼ਾ ਲਿਆ। ਮੀਟਿੰਗ ਦੌਰਾਨ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਚੋਣ ਪਹਿਚਾਣ ਪੱਤਰ, ਵੋਟਰਾਂ ਦੀ ਜਾਣਕਾਰੀ, ਵੈੱਬ ਕਾਸਟਿੰਗ, ਈ.ਵੀ.ਐਮ. ਸਟੋਰੇਜ ਅਤੇ ਟਰਾਂਸਪੋਰਟਿੰਗ, ਫੇਕ ਨਿਊਜ਼ ਅਤੇ ਪੇਡ ਨਿਊਜ਼ ਦੀ ਜਾਂਚ, ਸੰਵੇਦਨਸ਼ੀਲ ਪੋਲਿੰਗ ਖੇਤਰਾਂ ਦੀ ਪਛਾਣ, ਹੋਰ ਮਾਡਲ ਪੋਲਿੰਗ ਬੂਥਾਂ ਦੀ ਸਥਾਪਨਾ, ਆਦਰਸ਼ ਚੋਣ ਜ਼ਾਬਤੇ, ਕਾਨੂੰਨ ਅਤੇ ਵਿਵਸਥਾ ਦੀ ਸਥਿਤੀ ਦਾ ਜਾਇਜ਼ਾ ਅਤੇ ਹਰੇਕ ਜ਼ਿਲ੍ਹੇ ਤੋਂ ਤਿਆਰੀਆਂ ਸਬੰਧੀ ਜਾਣਕਾਰੀ ਲਈ ਗਈ। ਵੀਡੀਓ ਕਾਨ.ਫਰੰਸ ਦੌਰਾਨ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਲੋਕ ਸਭਾ ਚੋਣਾਂ ਲਈ ਜ਼ਿਲ੍ਹਾ ਗੁਰਦਾਸਪੁਰ ਦੀ ਪੂਰੀ ਤਿਆਰੀ ਹੈ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਵਿਖੇ ਨਾਮਜ਼ਦਗੀ ਪੇਪਰ ਜਮ੍ਹਾਂ ਕਰਵਾਉਣ ਅਤੇ ਉਨ੍ਹਾਂ ਦੀ ਪੜਤਾਲ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਆਦਰਸ਼ ਚੋਣ ਜ਼ਾਬਤੇ ਨੂੰ ਸਖਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ ਅਤੇ ਜ਼ਿਲ੍ਹੇ ਵਿੱਚ 66 ਫਲਾਇੰਡ ਸੂਕੈਅਡ, 3 ਫਲਾਇੰਗ ਸੂਕੈਅਡ (ਸੀ-ਵਿਜ਼ਲ), 21 ਵੀਡੀਓ ਸਰਵੀਲੈਂਸ ਟੀਮਾਂ, 66 ਸਟੈਟਿਕ ਸਰਵੀਲੈਂਸ ਟੀਮਾਂ, 21 ਵੀਡੀਓ ਵੀਊਵਿੰਗ ਟੀਮਾਂ, 7 ਅਕਾਊਂਟਿੰਗ ਟੀਮਾਂ, 10 ਅਸਿਸਟੈਂਟ ਖ਼ਰਚਾ ਅਬਜ਼ਰਵਰ, 1 ਖ਼ਰਚਾ ਮੋਨੀਟਰਿੰਗ ਸੈੱਲ, 3 ਲੀਕਰ ਮੋਨੀਟਰਿੰਗ ਟੀਮਾਂ, 2 ਮੀਡੀਆ ਸਰਟੀਫਿਕੇਸ਼ਨ ਐਂਡ ਸਰਟੀਫਿਕੇਸ਼ਨ ਟੀਮਾਂ ਪੂਰੀ ਮੁਸ਼ਤੈਦੀ ਨਾਲ ਕੰਮ ਕਰ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ?ਕਿ ਪੋਲਿੰਗ ਸਟਾਫ਼ ਦੀ ਪਹਿਲੀ ਸਿਖਲਾਈ ਮੁਕੰਮਲ ਹੋ ਚੁੱਕੀ ਹੈ ਅਤੇ ਚੋਣ ਕਮਿਸ਼ਨ ਦੇ ਸ਼ਡਿਊਲ ਅਨੁਸਾਰ ਆਉਂਦੇ ਦਿਨਾਂ ਵਿੱਚ ਪੋਲਿੰਗ ਸਟਾਫ਼ ਦੀਆਂ ਹੋਰ ਟਰੇਨਿੰਗਾਂ ਲਗਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਡਿਸਪਰਸਲ ਸੈਂਟਰਾਂ, ਪੋਲਿੰਗ ਸਟੇਸ਼ਨਾਂ ਅਤੇ ਕੁਲੈਕਸ਼ਨ ਕੇਂਦਰਾਂ 'ਤੇ ਵੱਖ-ਵੱਖ ਤਰੀਕਿਆਂ ਰਾਹੀਂ ਪੋਲਿੰਗ ਸਟਾਫ਼ ਨੂੰ ਗਰਮੀ ਤੋਂ ਬਚਾਉਣ ਲਈ ਲੋੜੀਂਦੇ ਉਪਾਅ ਕੀਤੇ ਜਾਣਗੇ ਅਤੇ ਪੋਲਿੰਗ ਸਟੇਸ਼ਨਾਂ ਉੱਪਰ ਵੋਟਰਾਂ ਲਈ ਛਬੀਲ ਆਦਿ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ। ਇਸ ਤੋਂ ਇਲਾਵਾ ਪੋਲਿੰਗ ਸਟੇਸ਼ਨਾਂ 'ਤੇ ਛਾਂ, ਵੇਟਿੰਗ ਏਰੀਆ ਅਤੇ ਪਖਾਨਿਆਂ ਦਾ ਪ੍ਰਬੰਧ ਵੀ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 35 ਮਾਡਲ ਪੋਲਿੰਗ ਸਟੇਸ਼ਨ ਸਥਾਪਤ ਕੀਤੇ ਜਾਣਗੇ ਜਦਕਿ 7 ਪਿੰਕ ਪੋਲਿੰਗ ਸਟੇਸ਼ਨ ਬਣਾਏ ਜਾਣਗੇ। ਬਟਾਲਾ ਦੇ ਧਰਮਪੁਰਾ ਸਕੂਲ ਵਿੱਚ ਗਰੀਨ ਪੋਲਿੰਗ ਸਟੇਸ਼ਨ, ਗੁਰਦਾਸਪੁਰ ਦੇ ਤਿੱਬੜ ਸਕੂਲ ਵਿਖੇ ਯੂਥ ਪੋਲਿੰਗ ਸਟੇਸ਼ਨ ਅਤੇ ਗੁਰਦਾਸਪੁਰ ਦੇ ਹੀ ਗੁਰੂ ਨਾਨਕ ਖ਼ਾਲਸਾ ਮਿਡਲ ਸਕੂਲ (ਗਰਲਜ਼) ਵਿਖੇ ਪੀ.ਡਬਲਿਊ.ਡੀ. ਪੋਲਿੰਗ ਸਟੇਸ਼ਨ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਹਰੇਕ ਬੂਥ ਉੱਪਰ ਦੋ ਵਲੰਟੀਅਰ ਤਾਇਨਾਤ ਕੀਤੇ ਜਾਣਗੇ ਜੋ ਬਜ਼ੁਰਗ ਅਤੇ ਦਿਵ?ਆਂਗ ਵੋਟਰਾਂ ਦੀ ਸਹਾਇਤਾ ਕਰਨ ਦੇ ਨਾਲ ਵੋਟਰਾਂ ਦੀ ਲਾਈਨਾਂ ਨੂੰ ਵੀ ਮੈਨੇਜ ਕਰਨਗੇ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਆਦਰਸ਼ ਚੋਣ ਜ਼ਾਬਤੇ ਦੀ ਇੰਨ-ਬਿੰਨ ਪਾਲਣਾ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਚੋਣ ਦ.ਫਤਰ ਨੂੰ ਆਫ਼ ਲਾਈਨ 210 ਸ਼ਿਕਾਇਤਾਂ ਮਿਲੀਆਂ ਸਨ ਜਿਨ੍ਹਾਂ ਵਿੱਚੋਂ 205 ਦਾ ਨਿਪਟਾਰਾ ਕਰ ਦਿੱਤਾ ਗਿਆ ਹੈ ਜਦਕਿ 5 ਉੱਪਰ ਕਾਰਵਾਈ ਜਾਰੀ ਹੈ। ਐੱਨ.ਜੀ.ਐੱਸ.ਪੀ. ਉੱਪਰ 159 ਸ਼ਿਕਾਇਤਾਂ ਆਈਆਂ ਸਨ ਜਿਨ੍ਹਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ 1950 ਹੈਲਪ ਲਾਈਨ ਉੱਪਰ 38 ਸ਼ਿਕਾਇਤਾਂ ਅਤੇ ਸੀ-ਵਿਜ਼ਲ ਐਪ 'ਤੇ 39 ਸ਼ਿਕਾਇਤਾਂ ਆਈਆਂ ਸਨ ਅਤੇ ਸਾਰੀਆਂ ਦਾ ਹੀ ਨਿਪਟਾਰਾ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਮੇਂ-ਸਮੇਂ ਸਮੂਹ ਰਾਜਨੀਤਿਕ ਪਾਰਟੀਆਂ ਅਤੇ ਚੋਣ ਲੜ ਰਹੇ ਉਮੀਦਵਾਰਾਂ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਮੀਡੀਆ ਦੇ ਰਾਹੀਂ ਆਮ ਜਨਤਾ ਤੱਕ ਵੀ ਚੋਣ ਕਮਿਸ਼ਨ ਦੀ ਜਾਣਕਾਰੀ ਨੂੰ ਪਹੁੰਚਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੰਵੇਦਨਸ਼ੀਲ ਅਤੇ ਅਤਿ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਓਥੇ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕੀਤੇ ਜਾਣਗੇ ਤਾਂ ਜੋ ਬਿਨਾਂ ਕਿਸੇ ਮੁਸ਼ਕਲ ਦੇ ਓਥੇ ਪੁਰ-ਅਮਨ ਤਰੀਕੇ ਨਾਲ ਵੋਟਾਂ ਪੈ ਸਕਣ। ਉਨ੍ਹਾਂ ਦੱਸਿਆ ਕਿ 4 ਜੂਨ ਨੂੰ ਵੋਟਾਂ ਦੀ ਗਿਣਤੀ ਸੁਖਜਿੰਦਰਾ ਗਰੁੱਪ ਆਫ਼ ਇੰਸਟੀਚਿਊਟ ਵਿਖੇ ਹੋਵੇਗੀ ਅਤੇ 21 ਮਈ ਤੱਕ ਇਸ ਕਾਊਂਟਿੰਗ ਸੈਂਟਰ ਨੂੰ ਪੂਰੀ ਤਰ੍ਹਾਂ ਤਿਆਰ ਕਰ ਲਿਆ ਜਾਵੇਗਾ। ਇਸ ਦੌਰਾਨ ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ ਅਤੇ ਐੱਸ.ਐੱਸ.ਪੀ. ਬਟਾਲਾ ਅਸ਼ਵਨੀ ਗੋਟਿਆਲ ਨੇ ਦੱਸਿਆ ਕਿ ਲੋਕ ਸਭਾ ਚੋਣਾਂ ਸਬੰਧੀ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ।

# ਆਪ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋਇਆ : ਅਰੁਣਾ ਚੌਧਰੀ

## ਸੁਖਜਿੰਦਰ ਰੰਧਾਵਾ ਦੇ ਹੱਕ ਵਿੱਚ ਨਡਾਲਾ, ਛੀਨਾ ਬੇਟ, ਚੂਹੜਪੁਰ, ਰਸੂਲਪੁਰ, ਚੰਦਰਭਾਨ, ਜਗਤਪੁਰ ਖੁਰਦ ਅਤੇ ਡੱਲਾ ਕੋਹਲੀਆਂ ਵਿਖੇ ਕੀਤੀਆਂ ਭਰਵੀਆਂ ਚੋਣ ਮੀਟਿੰਗਾਂ

ਦੀਨਾਨਗਰ, 15 ਮਈ ( ਡਾ.ਰਮੇਸ਼ ਸਰੰਗਲ) ਦੀਨਾਨਗਰ ਦੀ ਵਿਧਾਇਕਾ ਤੇ ਸਾਬਕਾ ਕੈਬਨਿਟ ਮੰਤਰੀ ਅਰੁਣਾ ਚੌਧਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ ਅਤੇ ਪਿੰਡਾਂ ਅੰਦਰ ਇਸ ਪਾਰਟੀ ਦੇ ਉਮੀਦਵਾਰ ਸ਼ੈਰੀ ਕਲਸੀ ਨੂੰ ਵੋਟ ਪਾਉਣ ਲਈ ਲੋਕਾਂ ਅੰਦਰ ਕੋਈ ਚਾਅ ਤੇ ਉਤਸ਼ਾਹ ਨਜ਼ਰ ਨਹੀਂ ਆ ਰਿਹਾ। ਉਨ੍ਹਾਂ ਪਿੰਡ ਪੱਖੋਵਾਲ ਅਤੇ ਸਿੱਧਪੁਰ 'ਚ ਭਰਵੀਆਂ ਚੋਣ ਮੀਟਿੰਗਾਂ ਦੌਰਾਨ ਉਕਤ ਦਾਅਵਾ ਕਰਦਿਆਂ ਕਾਂਗਰਸੀ ਉਮੀਦਵਾਰ ਸੁਖਜਿੰਦਰ ਸਿੰਘ ਰੰਧਾਵਾ ਦੀ ਜਿੱਤ ਨੂੰ ਯਕੀਨੀ ਦੱਸਿਆ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਚੋਣ ਮੀਟਿੰਗਾਂ ਦੌਰਾਨ ਦੇਖਣ ਵਿੱਚ ਆ ਰਿਹਾ ਹੈ ਕਿ ਲੋਕ 'ਆਪ' ਪਾਰਟੀ ਦੇ ਨਾਮ ਤੋਂ ਵੀ ਚਿੜ ਖਾਣ ਲੱਗੇ ਹਨ ਅਤੇ ਇਸ ਵਾਰ ਉਨ੍ਹਾਂ ਦੀ ਦਾਲ ਗਲਦੀ ਨਜ਼ਰ ਨਹੀਂ ਆ ਰਹੀ। ਉਨ੍ਹਾਂ ਕਿਹਾ ਕਿ ਅਸੀਂ ਕੰਮ ਦੇ ਆਧਾਰ 'ਤੇ ਵੋਟਾਂ ਮੰਗਦੇ ਹਾਂ ਜਦਕਿ ਸੱਤਾਧਾਰੀ ਪਾਰਟੀ 'ਆਪ' ਨੇ ਲੰਘੇ ਦੋ ਵਰ੍ਹਿਆਂ ਦੇ ਰਾਜ ਅੰਦਰ ਹੀ ਲੋਕਾਂ ਦਾ ਵਿਸ਼ਵਾਸ ਗੁਆ ਲਿਆ ਹੈ। ਜਿਸਦਾ ਖ਼ਮਿਆਜ਼ਾ 'ਆਪ' ਉਮੀਦਵਾਰ ਨੂੰ ਨਮੋਸ਼ੀ ਭਰੀ ਹਾਰ ਨਾਲ ਭੁਗਤਣਾ ਪਵੇਗਾ।




ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਕਿਹਾ ਕਿ ਜੇਕਰ ਦੇਸ਼ ਨੂੰ ਬਚਾਉਣਾ ਹੈ ਤਾਂ ਮੋਦੀ ਸਰਕਾਰ ਦਾ ਜੇਤੂ ਰੱਥ ਰੋਕਣਾ ਬਹੁਤ ਜ਼ਰੂਰੀ ਹੈ ਕਿਉਂਕਿ ਜੇਕਰ ਅਜਿਹਾ ਨਾ ਹੋਇਆ ਤਾਂ ਨਾ ਹੀ ਭਾਰਤ ਦਾ ਸੰਵਿਧਾਨ ਬਚੇਗਾ ਅਤੇ ਨਾ ਹੀ ਕੋਈ ਭਵਿੱਖ ਵਿੱਚ ਆਪਣੀ ਗੱਲ ਕਹਿਣ ਤੇ ਵੋਟ ਪਾਉਣ ਦੇ ਅਧਿਕਾਰ ਜੋਗਾ ਰਹੇਗਾ। ਉਨ੍ਹਾਂ ਕਿਹਾ ਕਿ ਆ ? ਸਾਰੇ ਇਕੱਠੇ ਹੋ ਕੇ ਮੋਦੀ ਸਰਕਾਰ ਦੇ ਲੋਕ ਮਾਰੂ ਮਨਸੂਬਿਆਂ ਖ਼ਿਲਾਫ਼ ਵੋਟ ਪਾਈਏ ਅਤੇ ਸਾਰੇ ਧਰਮਾਂ ਦਾ ਸਤਿਕਾਰ ਕਰਨ ਵਾਲੀ ਤੇ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਵਾਲੀ ਕਾਂਗਰਸ ਪਾਰਟੀ ਦਾ ਸਮਰਥਨ ਕਰੀਏ। ਅਰੁਣਾ ਚੌਧਰੀ ਵੱਲੋਂ ਬਾਅਦ ਵਿੱਚ ਪਿੰਡ ਨਡਾਲਾ, ਛੀਨਾ ਬੇਟ, ਚੂਹੜਪੁਰ, ਰਸੂਲਪੁਰ, ਚੰਦਰਭਾਨ, ਜਗਤਪੁਰ ਖੁਰਦ ਅਤੇ ਡੱਲਾ ਕੋਹਲੀਆਂ ਵਿਖੇ ਵੀ ਚੋਣ ਮੀਟਿੰਗਾਂ ਕੀਤੀਆਂ ਗਈਆਂ। ਇਸ ਮੌਕੇ ਜ਼ੋਨ ਇੰਚਾਰਜ ਭੁਪਿੰਦਰ ਸੇਖਵਾਂ, ਹੀਰਾ ਲਾਲ. ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਬਲਬੀਰ ਸਿੰਘ ਰਸੂਲਪੁਰ ਬੇਟ, ਮੈਨੇਜਰ ਬਲਕਾਰ ਸਿੰਘ ਸਿੱਧਪੁਰ, ਦਲਬੀਰ ਚੰਦ, ਸੁਭਾਸ਼ ਮੇਘੀਆਂ, ਬਾਬਾ ਰਣਜੀਤ ਸਿੰਘ ਗੁੰਝੀਆਂ, ਅਜਮੇਰ ਜੇਰਾ ਸ਼ਾਲਾ, ਨੰਬਰਦਾਰ ਬਿਕਰਮਜੀਤ, ਅੰਕਿਤ ਵਿਰਦੀ, ਹਰਮਨ ਵਿਰਦੀ, ਰਾਜਿੰਦਰ ਸਿੰਘ ਕਾਹਲੋਂ ਧਮਰਾਈ, ਅਵਿੰਦਰ ਟਿੰਕੂ ਕਾਹਲੋਂ ਰਾਏਪੁਰ, ਜ਼ਿਲ੍ਹਾ ਪ੍ਰੀਸ਼ਦ ਉਪ ਚੇਅਰਮੈਨ ਆਸ਼ਾ ਰਾਣੀ, ਬੀਰਾ ਰਾਮ ਸਿੱਧਪੁਰ, ਪ੍ਰੇਮ ਮਸੀਹ, ਸੁਖਦੇਵ ਸਿੰਘ ਸਿੱਧਪੁਰ, ਸੋਨੂੰ ਰਮਵਾਲ, ਜ਼ੋਨ ਪ੍ਰਧਾਨ ਪ੍ਰਸ਼ੋਤਮ ਸਿੰਘ ਪੱਪਾ, ਦੇਸ ਰਾਜ ਜੰਡੀ, ਦਿੱਗਵਿਜੇ ਸਿੰਘ ਚੌਂਤਾ, ਬਲਦੇਵ ਸੁਲਤਾਨੀ, ਅਤੇ ਸੁਰੇਸ਼ ਬਾਲਾਪਿੰਡੀ ਹਾਜ਼ਰ ਸਨ।

# ਖਰਚਾ ਨਿਗਰਾਨ ਨੇ ਜ਼ਿਲ੍ਹਾ ਪੱਧਰੀ ਖਰਚਾ ਨਿਗਰਾਨ ਸੈਲ, ਮੀਡੀਆ ਸਰਟੀਫਿਕੇਸ਼ਨ ਅਤੇ ਨਿਗਰਾਨ ਕਮੇਟੀ, ਜ਼ਿਲ੍ਹਾ ਪੱਧਰੀ ਸ਼ਿਕਾਇਤ ਸੈਲ, ਸੀ-ਵਿਜੀਲ ਅਤੇ ਹੋਰ ਮੋਨੀਟਰਿੰਗ ਸੈਲਾਂ ਦਾ ਕੀਤਾ ਦੌਰਾ

ਮਾਲੇਰਕੋਟਲਾ 16 ਮਈ –:– ਲੋਕ ਸਭਾ ਹਲਕਾ 12 ਸੰਗਰੂਰ ਲਈ ਨਿਯੁਕਤ ਕੀਤੇ ਗਏ ਖਰਚਾ ਨਿਗਰਾਨ ਸ੍ਰੀ ਅਮ੍ਰਿਤ ਸੰਜੇ ਗੋਰਵ ਆਈ.ਆਰ.ਐਸ ਨੇ ਜ਼ਿਲ੍ਹਾ ਪੱਧਰੀ ਮੀਡੀਆ ਸਰਟੀਫਿਕੇਸ਼ਨ ਅਤੇ ਨਿਗਰਾਨ ਕਮੇਟੀ, ਜ਼ਿਲ੍ਹਾ ਪੱਧਰੀ ਸ਼ਿਕਾਇਤ ਸੈਲ, ਖਰਚਾ ਨਿਗਰਾਨ ਸੈਲ, ਸੀ–ਵਿਜੀਲ ਸੈਲਾਂ ਦਾ ਦੌਰਾ ਕਰਕੇ ਇਨ੍ਹਾਂ ਸੈਲਾਂ ਦੀ ਕਾਰਜਪ੍ਰਣਾਲੀ ਦਾ ਜਾਇਜਾ ਲਿਆ ।

ਮੀਡੀਆ ਸਰਟੀਫਿਕੇਸ਼ਨ ਅਤੇ ਮਾਨੀਟਰਿੰਗ ਕਮੇਟੀ (ਐਮ.ਸੀ.ਐਮ.ਸੀ.) ਵਿਖੇ ਤਾਇਨਾਤ ਸਟਾਫ ਨਾਲ ਗੱਲ ਬਾਤ ਕਰਦਿਆ ਹਦਾਇਤ ਕੀਤੀ ਕਿ ਉਹ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਨਿਗਰਾਨੀ ਲਗਾਤਾਰ ਕਰਨ ਨੂੰ ਯਕੀਨੀ ਬਣਾਉਣ ਅਤੇ ਚੋਣਾਂ ਨਾਲ ਸਬੰਧਤ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਦੀਆਂ ਗਤੀਵਿਧੀਆਂ 'ਤੇ ਤਿੱਖੀ ਨਜ਼ਰ ਰੱਖਣ ।

ਖਰਚਾ ਨਿਗਰਾਨ ਸ੍ਰੀ ਅਮ੍ਰਿਤ ਸੰਜੇ ਗੋਰਵ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਾਰੀਆਂ ਚੋਣ ਸਰਗਰਮੀਆਂ ਅਤੇ ਇਸ਼ਤਿਹਾਰਾਂ, ਖਾਸ ਤੌਰ 'ਤੇ ਨਿਊਜ਼ ਵੈੱਬਸਾਈਟਾਂ ਅਤੇ ਵੈਬ ਪੋਰਟਲਾਂ 'ਤੇ ਸੋਸ਼ਲ ਮੀਡੀਆ ਨਿਗਰਾਨੀ ਟੀਮਾਂ ਦੁਆਰਾ ਧਿਆਨ ਨਾਲ ਨਿਗਰਾਨੀ ਕੀਤੀ ਜਾਣੀ ਚਾਹੀਦੀ ਹੈ। ਅਖਬਾਰਾਂ ਵਿੱਚ ਸਿਆਸੀ ਪਾਰਟੀਆਂ ਅਤੇ ਉਮੀਦਵਾਰਾਂ ਨਾਲ ਸਬੰਧਤ ਖਬਰਾਂ ਦੀ ਸਮਗਰੀ ਦੀ ਜਾਂਚ ਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ, ਤਾਂ ਜੋ ਸ਼ੱਕੀ ਪੇਡ ਨਿਊਜ਼ ਦਾ ਪਤਾ ਲਗਾਇਆ ਜਾ ਸਕੇ ਅਤੇ ਰਿਪੋਰਟ ਕੀਤੀ ਜਾ ਸਕੇ।



ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਉਮੀਦਵਾਰਾਂ ਅਤੇ ਰਾਜਨੀਤਿਕ ਪਾਰਟੀਆਂ ਨੂੰ ਚੋਣ ਪ੍ਰਚਾਰ ਦੇ ਸਾਰੇ ਖਰਚੇ ਸ਼ਾਮਲ ਕਰਨੇ ਚਾਹੀਦੇ ਹਨ, ਜਿਸ ਵਿੱਚ ਸੋਸ਼ਲ ਮੀਡੀਆ 'ਤੇ ਇਸ਼ਤਿਹਾਰ, ਕੰਪਨੀਆਂ ਅਤੇ ਵੈਬਸਾਈਟਾਂ ਨੂੰ ਇਸ਼ਤਿਹਾਰ ਦੇਣ ਲਈ ਕੀਤੇ ਗਏ ਭੁਗਤਾਨ ਅਤੇ ਸੋਸ਼ਲ ਮੀਡੀਆ 'ਤੇ ਪ੍ਰਚਾਰ ਨਾਲ ਸਬੰਧਤ ਕੰਮਾਂ ਦੇ ਖਰਚੇ ਸ਼ਾਮਲ ਹਨ।

ਉਨ੍ਹਾਂ ਨਾਮਜ਼ਦਗੀ ਦਾਖਲ ਕਰਨ ਸਮੇਂ ਉਮੀਦਵਾਰਾਂ ਦੁਆਰਾ ਸੂਚਿਤ ਕੀਤੇ ਪ੍ਰਮਾਣਿਕ ਸੋਸ਼ਲ ਮੀਡੀਆ ਖਾਤਿਆਂ ਨੂੰ ਟਰੈਕ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ, ਤਾਂ ਜੋ ਭਾਰਤੀ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਕਿਸੇ ਵੀ ਤਰ੍ਹਾਂ ਦੀ ਕੋਤਾਹੀ ਦੌਰਾਨ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।

ਇਸ ਤੋਂ ਪਹਿਲਾ ਉਨ੍ਹਾਂ ਜ਼ਿਲ੍ਹਾ ਪੱਧਰੀ ਖਰਚਾ ਨਿਗਰਾਨ ਸੈਲ, ਜ਼ਿਲ੍ਹਾ ਪੱਧਰੀ ਸ਼ਿਕਾਇਤ ਸੈਲ, ਸੀ–ਵਿਜੀਲ ਆਦਿ ਦਾ ਦੌਰਾ ਕੀਤਾ ਅਤੇ ਹੁਣ ਤੱਕ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਸਟਾਫ ਤੋਂ ਸੈਲਾਂ ਦੇ ਕੰਮਕਾਜ ਬਾਰੇ ਵੀ ਜਾਣਕਾਰੀ ਲਈ। ਇਸ ਮੌਕੇ ਉਨ੍ਹਾਂ ਨਾਲ ਸਹਾਇਕ ਚੋਣ ਅਫ਼ਸਰ ਕਮ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰਾਜਪਾਲ ਸਿੰਘ, ਸਹਾਇਕ ਰਿਟਰਨਿੰਗ ਅਫ਼ਸਰ ਮਾਲੇਰਕੋਟਲਾ ਸ੍ਰੀਮਤੀ ਅਪਰਨਾ ਐਮ.ਬੀ, ਸਹਾਇਕ ਕਮਿਸ਼ਨਰ (ਜ) ਸ੍ਰੀ ਹਰਬੰਸ ਸਿੰਘ,ਚੋਣ ਤਹਿਸੀਲਦਾਰ ਬ੍ਰਿਜ ਮੋਹਨ,ਜ਼ਿਲ੍ਹਾ ਮਾਲ ਅਫ਼ਸਰ ਸ੍ਰੀਮਤੀ ਮਨਦੀਪ ਕੌਰ, ਮਨਪ੍ਰੀਤ ਸਿੰਘ , ਸ੍ਰੀ ਪਰਮਜੀਤ ਸਿੰਘ ਆਦਿ ਹਾਜਿਰ ਸਨ।

# ਸ੍ਰੀ ਹੇਮਕੁੰਟ ਸਾਹਿਬ ਸਕੂਲ ਦੇ ਵਿਦਿਆਰਥੀਆਂ ਨੇ ਦੱਸਵੀਂ ਜਮਾਤ ਦੇ ਨਤੀਜਿਆਂ ਵਿੱਚ ਕੀਤਾ ਸ਼ਾਨਦਾਰ ਪ੍ਰਦਰਸ਼ਨ

ਫਤਿਹਗੜ੍ਹ ਪੰਜਤੂਰ 16 ਮਈ – ਇਲਾਕੇ ਦੀ ਹਰਮਨ ਪਿਆਰੀ ਵਿੱਦਿਅਕ ਸੰਸਥਾ ਸ੍ਰੀ ਹੇਮਕੁੰਟ ਸਾਹਿਬ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਪੰਜਤੂਰ (ਮੋਗਾ), ਜੋ ਕਿ ਚੇਅਰਮੈਨ ਕੁਲਵੰਤ ਸਿੰਘ ਸੰਧੂ, ਐੱਮ.ਡੀ ਰਣਜੀਤ ਕੌਰ ਸੰਧੂ ਅਤੇ ਪ੍ਰਿੰਸੀਪਲ ਅਮਰਦੀਪ ਸਿੰਘ ਜੀ ਦੀ ਯੋਗ ਅਗੁਵਾਈ ਹੇਠ ਵਿੱਦਿਆ ਅਤੇ ਖੇਡਾਂ ਦੇ ਖੇਤਰ ਵਿੱਚ ਨਿੱਤ ਨਵੀਆਂ ਉਚਾਈਆਂ ਛੋਹ ਰਿਹਾ ਹੈ, ਦੀ ਕਾਮਯਾਬੀ ਦੀ ਰਾਹ ਵਿੱਚ ਉਦੋ ਇੱਕ ਨਵਾਂ ਮੀਲ ਪੱਥਰ ਜੁੜ ਗਿਆ, ਜਦੋਂ ਸੀ.ਬੀ.ਐੱਸ.ਈ ਦਾ ਦੱਸਵੀਂ ਜਮਾਤ ਦਾ ਨਤੀਜਾ ਘੋਸ਼ਿਤ ਹੋਇਆ ਤਾਂ ਹਰ ਪਾਸੇ ਇੱਕ ਖੁਸ਼ੀ ਦੀ ਲਹਿਰ ਦੌੜ ਗਈ। ਸਕੂਲ ਪ੍ਰਿੰਸੀਪਲ ਅਮਰਦੀਪ ਸਿੰਘ ਨੇ ਦੱਸਦੇ ਹੋਏ ਕਿਹਾ ਕਿ ਸੁਖਮਨਪ੍ਰੀਤ ਕੌਰ ਨੇ 94% ਅੰਕ ਲੈ ਕੇ ਪਹਿਲਾ ਸਥਾਨ, ਜੈਸਮੀਨ ਕੌਰ ਨੇ 92% ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਪਵਨਪ੍ਰੀਤ ਕੌਰ ਨੇ 91% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਸਕੂਲ ਦੇ ਹੋਰ ਵੀ ਬਹੁਤ ਸਾਰੇ ਬੱਚਿਆਂ ਨੇ 80% ਤੋਂ ਵੱਧ ਅੰਕ ਹਾਸਲ ਕੀਤੇ ਜਿਨਾਂ ਵਿੱਚੋਂ ਅਨਮੋਲਪ੍ਰੀਤ ਕੌਰ ਨੇ 88%, ਮੁਸਕਾਨਦੀਪ ਕੌਰ, ਕੋਮਲਪ੍ਰੀਤ ਕੌਰ, ਗੁਰਵੀਰ ਕੌਰ ਨੇ ਕ੍ਰਮਵਾਰ 86% ਅੰਕ, ਖੁਸ਼ਪ੍ਰੀਤ ਕੌਰ ਅਤੇ ਜਤਿੰਦਰ ਕੌਰ ਨੇ ਕ੍ਰਮਵਾਰ 82% ਅੰਕ ਪ੍ਰਾਪਤ ਕੀਤੇ। ? ਸਕੂਲ ਦੀ ਵਿਦਿਆਰਥਣ ਜੈਸਮੀਨ ਕੌਰ ਨੇ ਪੰਜਾਬੀ ਵਿਸ਼ੇ ਵਿੱਚੋਂ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ।ਇਸ ਤਰ੍ਹਾਂ ਸਕੂਲ ਦਾ ਦੱਸਵੀਂ ਜਮਾਤ ਦਾ ਨਤੀਜਾ ਵੀ ਸ਼ਾਨਦਾਰ ਰਿਹਾ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ, ਐੱਮ.ਡੀ ਰਣਜੀਤ ਕੌਰ ਸੰਧੂ ਅਤੇ ਸਕੂਲ ਪ੍ਰਿੰਸੀਪਲ ਅਮਰਦੀਪ ਸਿੰਘ ਨੇ ਬੱਚਿਆਂ ਦਾ ਮੂੰਹ ਮਿੱਠਾ ਕਰਵਾਉਂਦੇ ਹੋਏ ਵਧਾਈ ਦਿੱਤੀ ਅਤੇ ਕਿਹਾ ਕਿ ਮਿਹਨਤ ਕਦੇ ਵੀ ਵਿਅਰਥ ਨਹੀਂ ਜਾਂਦੀ। ਮਿਹਨਤ ਦਾ ਫਲ਼ ਜ਼ਰੂਰ ਮਿਲਦਾ ਹੈ ਅਤੇ ਉਨਾਂ ਵਿਦਿਆਰਥੀਆਂ ਨੂੰ ਅੱਗੇ ਜ਼ਿੰਦਗੀ ਵਿੱਚ ਉੱਚ ਮੁਕਾਮ ਹਾਸਲ ਕਰਨ ਲਈ ਇਸੇ ਤਰ੍ਹਾਂ ਮਿਹਨਤ ਜਾਰੀ ਰੱਖਣ ਲਈ ਵੀ ਪ੍ਰੇਰਿਆ। ਸਕੂਲ ਪ੍ਰਿੰਸੀਪਲ ਅਮਰਦੀਪ ਸਿੰਘ ਨੇ ਕਿਹਾ ਕਿ ਸਕੂਲ ਦਾ ਇਹ ਸ਼ਾਨਦਾਰ ਨਤੀਜਾ ਯਕੀਨੀ ਤੌਰ ਤੇ ਦਰਸਾਉਂਦਾ ਹੈ ਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਕੀਤੀ ਗਈ ਅਣਥੱਕ ਮਿਹਨਤ ਸਫਲ ਹੋਈ ਹੈ। ਪਾਸ ਹੋਏ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕਰਦੇ ਹੋਏ ਪ੍ਰਿੰਸੀਪਲ ਅਮਰਦੀਪ ਸਿੰਘ ਨੇ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਸਕੂਲ ਇਹਨਾਂ ਨਤੀਜਿਆਂ ਨੂੰ ਹੋਰ ਵੀ ਬਿਹਤਰ ਕਰਨ ਲਈ ਹਰ ਸੰਭਵ ਯਤਨ ਕਰਦਾ ਰਹੇਗਾ।





# ਸ਼ਰਮਿੰਦਗੀ ਕਾਰਨ ਨਹੀਂ ਕਰਵਾ ਪਾ ਰਹੇ ਹੋ ਬਵਾਸੀਰ ਦਾ ਇਲਾਜ ਤਾਂ ਅਪਣਾਓ ਇਹ ਘਰੇਲੂ ਤਰੀਕੇ, ਜਲਦ ਦਿਸੇਗਾ ਅਸਰ





ਬਵਾਸੀਰ, ਜਿਸ ਨੂੰ ਪਾਇਲਸ ਵੀ ਕਿਹਾ ਜਾਂਦਾ ਹੈ, ਬਾਲਗਾਂ 'ਚ ਸੀਰੀਅਸ ਕੰਡੀਸ਼ਨ ਹੈ। ਇਸ ਕਾਰਨ ਰੈਕਟਮ ਤੇ ਐਨਲ ਏਰੀਆ 'ਚ ਨਾੜੀਆਂ ਸੁੱਜ ਜਾਂਦੀਆਂ ਹਨ ਤੇ ਲੋਕਾਂ ਨੂੰ ਬਹੁਤ ਜ਼ਿਆਦਾ ਤਕਲੀਫ ਤੇ ਦਰਦ ਮਹਿਸੂਸ ਹੁੰਦਾ ਹੈ।

ਹਾਲਾਂਕਿ, ਦਵਾਈਆਂ ਰਾਹੀਂ ਬਵਾਸੀਰ ਲਈ ਟ੍ਰੀਟਮੈਂਟ ਪ੍ਰੋਸੈੱਸ ਹੁੰਦੇ ਹਨ। ਪਰ, ਬਹੁਤ ਸਾਰੇ ਲੋਕ ਇਸ ਬਿਮਾਰੀ ਲਈ ਡਾਕਟਰ ਕੋਲ ਜਾਣ 'ਚ ਸ਼ਰਮ ਮਹਿਸੂਸ ਕਰਦੇ ਹਨ। ਅਜਿਹੀ ਸਥਿਤੀ 'ਚ ਤੁਸੀਂ ਬਵਾਸੀਰ ਦਾ ਇਲਾਜ ਘਰ 'ਚ ਵੀ ਕਰ ਸਕਦੇ ਹੋ ਜੋ ਕਿ ਸਭ ਤੋਂ ਵਧੀਆ ਮੰਨਿਆ ਜਾਂਦਾ ਹੈ।

ਫਾਈਬਰ ਵਾਲੀ ਡਾਈਟ

ਡਾਈਜੈਸ਼ਨ ਵਧਾਉਣ ਤੇ ਮਲ ਨੂੰ ਨਰਮ ਰੱਖਣ ਲਈ ਫਾਈਬਰ ਨਾਲ ਭਰਪੂਰ ਖੁਰਾਕ ਲੈਣੀ ਚਾਹੀਦੀ ਹੈ। ਆਪਣੀ ਖੁਰਾਕ 'ਚ ਫਲ, ਸਬਜ਼ੀਆਂ, ਸਾਬਤ ਅਨਾਜ ਤੇ ਫਲੀਆਂ ਨੂੰ ਸ਼ਾਮਲ ਕਰੋ।

ਸਿਟਜ਼ ਬਾਥ

ਦਿਨ ਵਿਚ ਕਈ ਵਾਰ 10 ਤੋਂ 15 ਮਿੰਟਾਂ ਲਈ ਗਰਮ ਪਾਣੀ ਦੇ ਇਕ ਖਾਲੀ ਟੱਬ 'ਚ ਬੈਠ ਕੇ ਗਰਮ ਸਿਟਜ਼ ਇਸ਼ਨਾਨ ਕਰੋ। ਇਹ ਬਵਾਸੀਰ ਨਾਲ ਜੁੜੀ ਖੁਜਲੀ, ਦਰਦ ਤੇ ਸੋਜ ਤੋਂ ਰਾਹਤ ਦਿਵਾਉਣ 'ਚ ਮਦਦ ਕਰ ਸਕਦਾ ਹੈ।

ਵਿਚ ਹੇਜ਼ਲ

ਕੌਟਨ ਪੈਡ ਜਾਂ ਬੌਲ ਦਾ ਇਸਤੇਮਾਲ ਕਰ ਕੇ ਪ੍ਰਭਾਵਿਤ ਖੇਤਰ 'ਤੇ ਵਿਚ ਹੇਜ਼ਲ ਲਗਾਓ। ਵਿਚ ਹੇਜ਼ਲ 'ਚ ਅਸਟਰਿੰਜੈਂਟ (Anit Bruising) ਗੁਣ ਹੁੰਦੇ ਹਨ ਤੇ ਇਹ ਸੋਜ ਤੇ ਬੇਅਰਾਮੀ ਨੂੰ ਘਟਾਉਣ 'ਚ ਮਦਦ ਕਰ ਸਕਦੇ ਹਨ।

ਐਲੋਵੇਰਾ ਜੈੱਲ

ਜਲਣ ਨੂੰ ਸ਼ਾਂਤ ਕਰਨ ਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਐਨਲ ਖੇਤਰ 'ਤੇ ਸ਼ੁੱਧ ਐਲੋਵੇਰਾ ਜੈੱਲ ਲਗਾਓ।

ਐਪਸਮ ਸਾਲਟ ਬਾਥ

ਕੋਸੇ ਪਾਣੀ 'ਚ ਐਪਸਮ ਨਮਕ ਮਿਲਾ ਕੇ 15 ਤੋਂ 20 ਮਿੰਟ ਤਕ ਇਸ 'ਚ ਬੈਠੋ। Epsom ਲੂਣ ਬਵਾਸੀਰ ਨਾਲ ਜੁੜੇ ਦਰਦ ਤੇ ਸੋਜ ਨੂੰ ਘਟਾਉਣ 'ਚ ਮਦਦ ਕਰ ਸਕਦਾ ਹੈ।

ਠੰਢਾ ਸੇਕ

ਸੋਜ ਘਟਾਉਣ ਤੇ ਦਰਦ ਤੋਂ ਰਾਹਤ ਲਈ ਖੇਤਰ ਨੂੰ ਸੁੰਨ ਕਰਨ 'ਚ ਮਦਦ ਲਈ ਸੋਜ ਵਾਲੀ ਥਾਂ 'ਤੇ ਠੰਢਾ ਸੇਕ ਜਾਂ ਆਈਸ ਪੈਕ ਲਗਾਓ।

ਕ੍ਰੀਮ ਤੇ ਮੱਲ੍ਹਮ

ਲੱਛਣਾਂ ਨੂੰ ਘਟਾਉਣ ਲਈ ਓਵਰ-ਦਿ-ਕਾਊਂਟਰ ਬਵਾਸੀਰ ਕ੍ਰੀਮ ਜਾਂ ਮੱਲ੍ਹਮ ਦੀ ਵਰਤੋਂ ਕਰੋ ਜਿਸ ਵਿਚ ਹਾਈਡ੍ਰੋਕਾਰਟੀਸੋਨ ਜਾਂ ਵਿਚ ਹੇਜ਼ਲ ਵਰਗੇ ਤੱਤ ਸ਼ਾਮਲ ਹੁੰਦੇ ਹਨ।

ਸਫ਼ਾਈ ਰੱਖੋ

ਗੁਦਾ ਖੇਤਰ ਨੂੰ ਸਾਫ਼ ਤੇ ਸੁੱਕਾ ਰੱਖੋ। ਸਟੂਲ ਪਾਸ ਹੋਣ ਤੋਂ ਬਾਅਦ, ਬਿਨਾਂ ਖੁਸ਼ਬੂ ਵਾਲੀਆਂ ਵਾਈਪਸ ਜਾਂ ਗਿੱਲੇ ਟਾਇਲਟ ਪੇਪਰ ਦੀ ਵਰਤੋਂ ਕਰੋ ਅਤੇ ਹਾਰਡ ਸਾਬਣਾਂ ਤੋਂ ਬਚੋ।

ਕਸਰਤ ਕਰੋ

ਸਿਹਤਮੰਦ ਸਟੂਲ ਪਾਸ ਕਰਨ ਲਈ ਰੋਜ਼ਾਨਾ ਐਕਟਿਵ ਰਹੋ। ਦਿਨ ਵਿਚ ਘੱਟੋ-ਘੱਟ ਅੱਧਾ ਘੰਟਾ ਸੈਰ ਕਰੋ ਜਾਂ ਯੋਗਾ ਕਰੋ। ਇਹ ਤੁਹਾਨੂੰ ਬਵਾਸੀਰ ਨਾਲ ਲੜਨ ਵਿੱਚ ਮਦਦ ਕਰ ਸਕਦਾ ਹੈ।





# ਚੋਣਾਂ ਦੌਰਾਨ ਉਮੀਦਵਾਰਾਂ ਵੱਲੋਂ ਕੀਤੇ ਜਾਣ ਵਾਲੇ ਚੋਣ ਖਰਚਿਆਂ ਤੇ ਬਾਜ਼ ਦੀ ਤਿੱਖੀ ਨਜ਼ਰ ਰੱਖੀ ਜਾਵੇ: ਖਰਚਾ ਨਿਗਰਾਨ



ਮਾਲੇਰਕੋਟਲਾ 16 ਮਈ -:- ਅਗਾਮੀ ਲੋਕ ਸਭਾ ਚੋਣਾਂ ਲਈ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਹਲਕਾ 12 ਸੰਗਰੂਰ ਲਈ ਨਿਯੁਕਤ ਕੀਤੇ ਗਏ ਖਰਚਾ ਨਿਗਰਾਨ ਸ੍ਰੀ ਅਮ੍ਰਿਤ ਸੰਜੇ ਗੋਰਵ ਆਈ.ਆਰ.ਐਸ ਨੇ ਅੱਜ ਲੋਕ ਸਭਾ ਹਲਕੇ ਅਧੀਨ ਪੈਂਦੇ ਅਸੈਂਬਲੀ ਸੈਗਮੈਂਟ 105 ਮਾਲੇਰਕੋਟਲਾ ਦੇ ਸਹਾਇਕ ਰਿਟਰਨਿੰਗ ਅਫਸਰ ਸ੍ਰੀ ਅਪਰਨਾ ਐਮ.ਬੀ. ਅਤੇ ਐਫ.ਐਸ.ਟੀ, ਵੀ.ਐਸ.ਟੀ., ਐਸ.ਐਸ.ਟੀ., ਅਕਾਊਂਟ ਟੀਮਾਂ ਅਤੇ ਏ.ਈ.ਓ ਅਤੇ ਐਮ.ਸੀ.ਐਮ.ਸੀ.ਟੀਮ ਮੈਂਬਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਅਤੇ ਚੋਣਾਂ ਦੌਰਾਨ ਉਮੀਦਵਾਰਾਂ ਵੱਲੋਂ ਕੀਤੇ ਜਾਣ ਵਾਲੇ ਚੋਣ ਖਰਚਿਆਂ ਬਾਰੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

ਮੀਟਿੰਗ ਦੌਰਾਨ ਸਹਾਇਕ ਰਿਟਰਨਿੰਗ ਅਫਸਰ ਕਮ ਐਸ.ਡੀ.ਐਮ. ਮਾਲੇਰਕੋਟਲਾ ਸ੍ਰੀ ਅਪਰਨਾ ਐਮ.ਬੀ ਨੇ ਖਰਚਾ ਨਿਗਰਾਨ ਅਫ਼ਸਰ ਨੂੰ ਅਵਗਤ ਕਰਵਾਉਂਦਿਆਂ ਦੱਸਿਆ ਕਿ ਜ਼ਿਲ੍ਹਾ ਚੋਣ ਅਫ਼ਸਰ ਡਾ ਪੱਲਵੀ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਅਬਜ਼ਰਵਰ ਨੂੰ ਜਾਣੂ ਕਰਵਾਉਂਦੀਆਂ ਦੱਸਿਆ ਕਿ ਚੋਣਾਂ ਦੌਰਾਨ ਉਮੀਦਵਾਰਾਂ ਵੱਲੋਂ ਕੀਤੇ ਜਾ ਰਹੇ ਚੋਣ ਖਰਚੇ 'ਤੇ ਨਜ਼ਰ ਰੱਖਣ ਲਈ ਪ੍ਰਸ਼ਾਸਨ ਨੇ ਪਹਿਲਾਂ ਹੀ ਵੱਖ-ਵੱਖ ਸੈਲਾਂ ਅਤੇ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸੈਲਾਂ ਵਿੱਚ ਜ਼ਿਲ੍ਹਾ ਪੱਧਰੀ ਖਰਚਾ ਨਿਗਰਾਨ ਸੈਲ, ਮੀਡੀਆ ਸਰਟੀਫਿਕੇਸ਼ਨ ਅਤੇ ਨਿਗਰਾਨ ਕਮੇਟੀ, ਜ਼ਿਲ੍ਹਾ ਪੱਧਰੀ ਸ਼ਿਕਾਇਤ ਸੈਲ, ਸੀ-ਵਿਜੀਲ ਅਤੇ ਹੋਰ ਮੋਨੀਟਰਿੰਗ ਸੈਲ ਸ਼ਾਮਲ ਹਨ।

ਉਨ੍ਹਾਂ ਹੋਰ ਕਿਹਾ ਕਿ ਪਾਰਟੀਆਂ ਅਤੇ ਉਮੀਦਵਾਰਾਂ ਦੁਆਰਾ ਕੀਤੇ ਜਾਣ ਵਾਲੇ ਵਾਧੂ ਚੋਣ ਖਰਚਿਆਂ 'ਤੇ ਤਿੱਖੀ ਨਜ਼ਰ ਰੱਖਣ ਲਈ ਟੀਮਾਂ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਫਲਾਇੰਗ ਸਕੁਐਡ ਟੀਮਾਂ ਅਤੇ ਸਟੈਟਿਕ ਸਰਵੀਲੈਂਸ ਟੀਮਾਂ ਵਿੱਚ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀ ਸ਼ਾਮਲ ਹਨ,ਜ਼ਿਨ੍ਹਾਂ ਨੂੰ ਜੀ.ਪੀ.ਐੱਸ ਨਾਲ ਲੈਸ ਵਾਹਨ ਮੁਹੱਈਆਂ ਕਰਵਾਏ ਗਏ ਹਨ, ਜ਼ਿਨ੍ਹਾਂ ਵਿੱਚ ਕੈਮਰੇ ਵੀ ਲਗਾਏ ਗਏ ਹਨ।

ਖਰਚਾ ਨਿਗਰਾਨ ਸ੍ਰੀ ਅਮ੍ਰਿਤ ਸੰਜੇ ਗੋਰਵ ਨੇ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਚੋਣਾਂ ਲਈ ਨਿਰਧਾਰਤ ਕੀਤੇ ਗਏ ਖਰਚੇ ਸਬੰਧੀ ਪੂਰੀ ਚੌਕਸੀ ਵਰਤੀ ਜਾਵੇ ਅਤੇ ਉਮੀਦਵਾਰਾਂ ਵੱਲੋਂ ਕੀਤੇ ਜਾਣ ਵਾਲੇ ਚੋਣ ਖਰਚਿਆਂ ਤੇ ਤਿੱਖੀ ਨਜ਼ਰ ਰੱਖੀ ਜਾਵੇ ਅਤੇ ਉਮੀਦਵਾਰਾਂ ਵੱਲੋਂ ਕੀਤੀਆਂ ਜਾਣ ਵਾਲੀਆਂ ਚੋਣ ਰੈਲੀਆਂ ਤੇ ਹੋਰ ਜਨਤਕ ਸਮਾਗਮਾਂ ਦੀ ਮੁਕੰਮਲ ਵੀਡੀਓਗ੍ਰਾਫੀ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਕੀਤੇ ਜਾਣ ਵਾਲੇ ਖਰਚੇ ਦਾ ਪੂਰਾ ਰਿਕਾਰਡ ਰੱਖਿਆ ਜਾ ਸਕੇ।

ਖਰਚਾ ਨਿਗਰਾਨ ਨੇ ਸਮੂਹ ਚੋਣ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਚੋਣਾਂ ਦੌਰਾਨ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਨਿਪਟਾਰਾ ਨਿਰਧਾਰਤ ਸਮੇਂ ਸੀਮਾ ਤਹਿਤ ਕੀਤਾ ਜਾਵੇ ਤਾਂ ਜੋ ਲੋਕ ਸਭਾ ਚੋਣਾਂ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜੀਆਂ ਜਾ ਸਕਣ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਰੋਜ਼ਾਨਾਂ ਭੇਜੀਆਂ ਜਾਣ ਵਾਲੀਆਂ ਰਿਪੋਰਟਾਂ ਸਮੇਂ ਸਿਰ ਭੇਜਣੀਆਂ ਯਕੀਨੀ ਬਣਾਈਆਂ ਜਾਣ ਤਾਂ ਜੋ ਉਨ੍ਹਾਂ ਰਿਪੋਰਟਾਂ ਤੇ ਅਗਲੇਰੀ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕੋਈ ਨਾਗਰਿਕ ਚੋਣਾਂ ਸਬੰਧੀ ਕਿਸੇ ਕਿਸਮ ਦੀ ਕੋਈ ਸ਼ਿਕਾਇਤ ਕਰਦਾ ਹੈ ਤਾਂ ਉਸ ਦਾ ਢੁੱਕਵਾਂ ਸਬੂਤ ਵੀ ਹਾਸਲ ਕੀਤਾ ਜਾਵੇ।

ਇਸ ਮੌਕੇ ਸਹਾਇਕ ਚੋਣ ਅਫ਼ਸਰ ਕਮ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰਾਜਪਾਲ ਸਿੰਘ, ਸਹਾਇਕ ਕਮਿਸ਼ਨਰ (ਜ) ਸ੍ਰੀ ਹਰਬੰਸ ਸਿੰਘ, ਐਲ.ਓ ਸ੍ਰੀ ਗਗਨਦੀਪ ਮਿੱਤਲ ,ਚੋਣ ਤਹਿਸੀਲਦਾਰ ਬ੍ਰਿਜ ਮੋਹਨ , ਜ਼ਿਲ੍ਹਾ ਮਾਲ ਅਫ਼ਸਰ ਸ੍ਰੀਮਤੀ ਮਨਦੀਪ ਕੌਰ, ਮਨਪ੍ਰੀਤ ਸਿੰਘ , ਸ੍ਰੀ ਪਰਮਜੀਤ ਸਿੰਘ ਤੋਂ ਇਲਾਵਾ ਹੋਰ ਉੱਚ ਅਧਿਕਾਰੀ ਮੌਜੂਦ ਸਨ।

# ਡੇਂਗੂ ਦੀ ਰੋਕਥਾਮ , ਸੁਰੱਖਿਅਤ ਕੱਲ੍ਹ ਲਈ ਸਾਡੀ ਜ਼ਿੰਮੇਵਾਰੀ - ਸਿਵਲ ਸਰਜਨ



ਫਤਿਹਗੜ੍ਹ ਸਾਹਿਬ -ਡੇਂਗੂ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕਰਨ ਅਤੇ ਇਸਦੇ ਇਲਾਜ ਦੀਆਂ ਤਿਆਰੀਆਂ ਨੂੰ ਤੇਜ਼ ਕਰਨ ਲਈ ਸਿਹਤ ਵਿਭਾਗ ਵੱਲੋਂ ਹਰ ਸਾਲ 16 ਮਈ ਨੂੰ "ਕੌਮੀ ਡੇਂਗੂ ਦਿਵਸ" ਮਨਾਇਆ ਜਾਂਦਾ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਨੇ ਰਾਸ਼ਟਰੀ ਡੇਂਗੂ ਦਿਵਸ ਮੌਕੇ ਤੇ ਡੇਂਗੂ ਜਾਗਰੂਕਤਾ ਸਬੰਧੀ ਆਯੋਜਿਤ ਕੀਤੇ ਗਏ ਜਿਲਾ ਪੱਧਰੀ ਸਮਾਗਮ ਦੌਰਾਨ ਕੀਤਾ। ਉਨਾਂ ਇਸ ਸਾਲ ਦੀ ਥੀਮ "ਡੇਂਗੂ ਦੀ ਰੋਕਥਾਮ , ਸੁਰੱਖਿਅਤ ਕੱਲ੍ਹ ਲਈ ਸਾਡੀ ਜਿੰਮੇਵਾਰੀ" ਥੀਮ ਸਬੰਧੀ ਭਰਪੂਰ ਜਾਣਕਾਰੀ ਦਿੱਤੀ ਅਤੇ ਇਸ ਮੌਕੇ ਤੇ ਡੇਂਗੂ ਵਿਰੋਧੀ ਜਾਗਰੂਕਤਾ ਗਤੀ ਵਿਧੀਆਂ ਵਿੱਚ ਵਧੀਆ ਕੰਮ ਕਰਨ ਵਾਲੇ ਸਿਹਤ ਮੁਲਾਜ਼ਮਾਂ ਨੂੰ ਸਨਮਾਨਿਤ ਵੀ ਕੀਤਾ। ਸਮਾਗਮ ਦੌਰਾਨ ਸਿਵਲ ਸਰਜਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਾਣਕਾਰੀ ਦੀ ਘਾਟ ਹੋਣ ਕਾਰਣ ਹਰ ਸਾਲ ਹਜ਼ਾਰਾਂ ਲੋਕ ਡੇਂਗੂ ਬੁਖਾਰ ਦੀ ਲਪੇਟ ਵਿੱਚ ਆ ਜਾਂਦੇ ਹਨ। ਇਸ ਕਰਕੇ ਡੇਂਗੂ ਪੀੜਤ ਦਾ ਸਮੇਂ ਸਿਰ ਇਲਾਜ ਕਰਨਾ ਬਹੁਤ ਜਰੂਰੀ ਹੁੰਦਾ ਹੈ। ਉਹਨਾਂ ਕਿਹਾ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਇਹ ਏਡੀਜ਼ ਏਜਿਪਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਇਹ ਮੱਛਰ ਦਿਨ ਦੇ ਸਮੇਂ ਹੀ ਕੱਟਦਾ ਹੈ। ਉਹਨਾਂ ਕਿਹਾ ਕਿ ਤੇਜ ਬੁਖਾਰ , ਸਿਰਦਰਦ , ਚਮੜੀ ਤੇ ਲਾਲ ਧੱਬੇ , ਮਾਸਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ , ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਆਦਿ ਇਸਦੇ ਮੁੱਖ ਲੱਛਣ ਹੁੰਦੇ ਹਨ ਅਜਿਹੇ ਲੱਛਣ ਦਿਸਣ ਤੇ ਸਾਨੂੰ ਤੁਰੰਤ ਨੇੜੇ ਦੀ ਸਿਹਤ ਸੰਸਥਾ ਨਾਲ ਸੰਪਰਕ ਕਰਨਾ ਚਾਹੀਦਾ ਹੈ। ਸੀਨੀਅਰ ਮੈਡੀਕਲ ਅਫਸਰ ਡਾ. ਬਲਕਾਰ ਸਿੰਘ ਨੇ ਕਿਹਾ ਕਿ ਡੇਂਗੂ ਪਾਜੇਟਿਵ ਮਰੀਜ਼ ਨੂੰ ਡਾਕਟਰ ਦੀ ਸਲਾਹ ਤੋਂ ਬਿਨਾਂ ਕੋਈ ਦਵਾਈ ਨਾ ਦਿੱਤੀ ਜਾਵੇ, ਤੇਜ ਬੁਖਾਰ ਹੋਣ ਦੀ ਸੂਰਤ ਵਿੱਚ ਸਿਰਫ ਪੈਰਾਸਿਟਾਮੋਲ ਦੀ ਗੋਲੀ ਹੀ ਦਿੱਤੀ ਜਾਵੇ, ਸੈਲਾਂ ਦੀ ਗਿਣਤੀ 20 ਹਜਾਰ ਤੋਂ ਘਟਣ ਜਾਂ ਕੋਈ ਬਲੀਡਿੰਗ ਹੋਣ ਦੀ ਸੂਰਤ ਵਿੱਚ ਤੁਰੰਤ ਮਰੀਜ਼ ਨੂੰ ਦਾਖਲ ਕਰਵਾਇਆ ਜਾਵੇ, ਜਿਲਾ ਐਪੀਡਿਮੋਲੋਜਿਸਟ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਮੱਛਰਾਂ ਦੀ ਪੈਦਾਇਸ਼ ਨੂੰ ਰੋਕਣਾ ਡੇਂਗੂ ਤੋਂ ਬਚਣ ਦਾ ਸਭ ਤੋਂ ਅਸਰਦਾਰ ਤਰੀਕਾ ਹੁੰਦਾ ਹੈ। ਉਹਨਾਂ ਕਿਹਾ ਏਡੀਜ਼ ਮੱਛਰ ਖੜੇ ਸਾਫ ਪਾਣੀ ਵਿੱਚ , ਫਰਿਜ ਪਿਛਲੀ ਟਰੇ , ਟਾਇਰਾਂ , ਬੋਤਲਾਂ , ਕੂਲਰਾਂ qQ, ਗੁਲਦਸਤਿਆਂ ਆਦਿ ਵਿੱਚ ਫੈਲਦੇ ਹਨ, ਇਸ ਲਈ ਇਨ੍ਹਾਂ ਨੂੰ ਘੱਟੋ ਘੱਟ ਹਫਤੇ ਵਿੱਚ ਇੱਕ ਵਾਰ ਖਾਲੀ ਕਰਕੇ ਸੁਕਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਡੇਂਗੂ ਦੀ ਰੋਕਥਾਮ ਲਈ ਮੱਛਰਾਂ ਦੇ ਕੱਟਣ ਤੋਂ ਬਚਣ ਲਈ ਮੱਛਰਦਾਨੀਆਂ ਜਾਂ ਮੱਛਰ ਭਜਾਉਣ ਵਾਲੀਆਂ ਕਰੀਮਾਂ ਦਾ ਪ੍ਰਯੋਗ ਕਰਨਾ ਚਾਹੀਦਾ ਹੈ, ਹਰ ਸ਼ੁੱਕਰਵਾਰ ਨੂੰ ਡਰਾਈ ਡੇਅ ਦੇ ਤੌਰ ਤੇ ਮਨਾਇਆ ਜਾਣਾ ਚਾਹੀਦਾ ਹੈ। ਉਹਨਾ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਾਗਰੂਕ ਹੋ ਕੇ ਹੀ ਇਸ ਨਾਮੁਰਾਦ ਬੀਮਾਰੀ ਨਾਲ ਹੋਣ ਵਾਲੇ ਜਾਨੀ ਅਤੇ ਮਾਲੀ ਨੁਕਸਾਨ ਤੋਂ ਬਚਿਆ ਜਾ ਸਕਦਾ ਹੈ।ਇਸ ਮੌਕੇ ਤੇ ਐਪੀਡਿਮੋਲੋਜਿਸਟ ਡਾ. ਦੀਪਤੀ, ਮੈਡੀਕਲ ਅਫਸਰ ਡਾ. ਸੰਪਨ , ਜਿਲਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ , ਗੁਰਦੀਪ ਸਿੰਘ , ਜਸਵਿੰਦਰ ਕੌਰ , ਐਨ.ਜੀ.ਓ ਤੋਂ ਹਰਭਜਨ ਸਿੰਘ ਜਲੋਵਾਲ, ਸਿਹਤ ਸੁਪਰਵਾਈਜ਼ਰ ਇੰਦਰਜੀਤ ਸਿੰਘ , ਮਨਦੀਪ ਕੌਰ , ਦਾਰਪਾਲ , ਸਤਿਆਪਾਲ ਤੋਂ ਇਲਾਵਾ ਸਮੂਹ ਸਿਹਤ ਸੁਪਰਵਾਈਜ਼ਰ, ਕਰਮਚਾਰੀ ਅਤੇ ਨਰਸਿੰਗ ਵਿਦਿਆਰਥੀ ਹਾਜ਼ਰ ਸਨ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ। ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ। ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com